ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 25, ਮਾਰਚ 2020 (ਫੱਗਣ-ਚੇਤ ਸੰਮਤ ਨਾਨਕਸ਼ਾਹੀ 551-52) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਵੱਲੋਂ ਮੱਧ ਪ੍ਰਦੇਸ਼ 'ਚ ਰਾਜ ਪੱਧਰੀ ਗੁਰਮਤਿ ਸਮਾਗਮ ਆਯੋਜਿਤ

## ਸ਼ਿਵਪੁਰੀ ਵਿਖੇ ਧਰਮ ਪ੍ਰਚਾਰ ਲਈ ਖੋਲ੍ਹਿਆ ਜਾਵੇਗਾ ਸਿੱਖ ਮਿਸ਼ਨ- ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਘੋਲਾ ਸਿੰਘ, ਬਾਬਾ ਤੇਗਾ ਸਿੰਘ ਕਾਰਸੇਵਾ ਸਰਹਾਲੀ ਵਾਲੇ ਅਤੇ ਸੰਗਤਾਂ ਦੇ ਸਹਿਯੋਗ ਨਾਲ ਮੱਧ ਪ੍ਰਦੇਸ਼ ਅੰਦਰ ਪੈਂਦੇ ਗੁਰਦੁਆਰਾ ਸ੍ਰੀ ਅਰਜਨ ਦੇਵ ਜੀ ਸ਼ਿਵਪੁਰੀ ਵਿਖੇ ਸੂਬਾ ਪੱਧਰੀ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਸਿੱਖ ਪੂਰੇ ਵਿਸ਼ਵ ਵਿਚ ਫੈਲੇ ਹੋਏ ਹਨ ਅਤੇ ਇਹ ਜਿਥੇ ਵੀ ਵੱਸਦੇ ਹਨ ਆਪਣੀ ਨਿਆਰੀ ਹੋਂਦ ਹਸਤੀ ਅਤੇ ਗੁਰੂ ਸਾਹਿਬ ਦੀ ਵਿਚਾਰਧਾਰਾ ਅਨੁਸਾਰ ਹਰ ਇੱਕ ਲਈ ਮੱਦਦਗਾਰ ਰਹਿੰਦੇ ਹਨ। ਪਰੰਤੂ ਹੈਰਾਨੀ ਦੀ ਗੱਲ ਹੈ ਕਿ ਬੀਤੇ ਦਿਨਾਂ ਅੰਦਰ ਮੱਧ ਪ੍ਰਦੇਸ਼ ਸਰਕਾਰ ਵੱਲੋਂ ਸਿੱਖਾਂ ਦੇ ਘਰ ਢਾਹ ਕੇ ਉਨ੍ਹਾਂ ਨੂੰ ਬੇਘਰ ਕਰਨ ਦੀ ਕੋਸ਼ਿਸ ਕੀਤੀ ਗਈ। ਸਰਕਾਰਾਂ ਦੀ ਜ਼ੁੰਮੇਵਾਰੀ ਲੋਕਾਂ ਦੀ ਹਿਫ਼ਾਜਤ ਕਰਨਾ ਹੈ ਨਾ ਕਿ ਵਿਨਾਸ਼। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮੱਧ ਪ੍ਰਦੇਸ਼ ਸਿੱਖਾਂ ਦੀ ਸਾਰ ਲੈਣ ਦੀ ਭਰਵੀਂ ਸ਼ਲਾਘਾ ਕੀਤੀ ਅਤੇ ਸਿੱਖਾਂ ਨੂੰ ਆਪਣੇ ਕੇਂਦਰੀ ਧੁਰੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੁੜੇ ਰਹਿਣ ਲਈ ਪ੍ਰੇਰਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਮੱਧ ਪ੍ਰਦੇਸ਼ ਦੇ ਸ਼ਿਵਪੁਰੀ ਵਿਖੇ ਸਿੱਖ ਮਿਸ਼ਨ ਖੋਲ੍ਹਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਅੰਦਰ ਵੱਡੀ ਗਿਣਤੀ ਵਿਚ ਵੱਸਦੇ ਸਿੱਖਾਂ ਤੱਕ ਨਿਰੰਤਰ ਪਹੁੰਚ ਬਣਾਉਣ ਲਈ ਇਥੇ ਹੋਰ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥੇ ਭੇਜੇ ਜਾਣਗੇ। ਵੱਡੀ ਗਿਣਤੀ ਵਿਚ ਭੇਟਾ ਰਹਿਤ ਲਿਟਰੇਚਰ ਮੁੱਹਈਆ ਕਰਵਾਇਆ ਜਾਵੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਮੱਧ ਪ੍ਰਦੇਸ਼ ਦੇ ਪੀੜਤ ਸਿੱਖਾਂ ਤੱਕ ਜ਼ਮੀਨੀ ਪੱਧਰ 'ਤੇ ਰਾਬਤਾ ਬਣਾਉਣ ਦੀ ਪ੍ਰਸੰਸਾ ਕੀਤੀ ਤੇ ਸ਼੍ਰੋਮਣੀ ਕਮੇਟੀ ਵੱਲੋਂ ਸਿੱਖਾਂ ਨਾਲ ਹਮੇਸ਼ਾਂ ਖੜ੍ਹਣ ਦੀ ਵਚਨਬੱਧਤਾ ਦੁਹਰਾਈ।

ਇਸ ਮੌਕੇ ਬਾਬਾ ਘੋਲਾ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਕੋਹਨਾ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਥਾਨਕ ਸਿੱਖ ਸੰਗਤਾਂ ਵੱਲੋਂ ਵਿਸ਼ੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਤੇ ਭਾਈ ਕਾਰਜ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਕਥਾਵਾਚਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ. ਦਰਸ਼ਨ ਸਿੰਘ ਪੀ.ਏ., ਬਾਬਾ ਗਿਆਨ ਸਿੰਘ ਕਾਰਸੇਵਾ ਵਾਲਾ, ਬਾਬਾ ਗੁਰਪ੍ਰੀਤ ਸਿੰਘ, ਸ. ਸੁਰਿੰਦਰ ਸਿੰਘ ਬਿੱਟੂ, ਸ. ਨਰਿੰਦਰ ਸਿੰਘ ਗਿੱਲ, ਸ੍ਰੀ ਬੀਰੇਂਦਰ ਰਘੂਵੰਸ਼ੀ ਐਮ.ਐਲ.ਏ., ਸ. ਮਨਜੀਤ ਸਿੰਘ ਰਿੰਕੂ ਭਾਟੀਆ, ਸ. ਜਸਬੀਰ ਸਿੰਘ ਗਾਂਧੀ, ਸ. ਨਰਿੰਦਰ ਸਿੰਘ ਆਦਿ ਮੌਜੂਦ ਸਨ।

ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਲੌਂਗੋਵਾਲ ਦਾ ਭਰਵਾਂ ਸਵਾਗਤ

ਮੱਧ ਪ੍ਰਦੇਸ਼ ਅੰਦਰ ਸੂਬਾ ਪੱਧਰੀ ਗੁਰਮਤਿ ਸਮਾਗਮ ਵਿਚ ਸ਼ਮੂਲੀਅਤ ਕਰਨ ਲਈ ਪੁੱਜੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਸੰਗਤ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਗਵਾਲੀਅਰ ਦੇ ਰੇਲਵੇ ਸਟੇਸ਼ਨ 'ਤੇ ਵੱਡੀ ਗਿਣਤੀ ਵਿਚ ਸੰਗਤਾਂ ਪੁੱਜੀਆਂ ਹੋਈਆਂ ਸਨ ਜਿਨ੍ਹਾਂ ਨੇ ਸਿੱਖ ਸ਼ਖ਼ਸੀਅਤਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਜੀ ਆਇਆਂ ਕਿਹਾ। ਇਸੇ ਦੌਰਾਨ ਸ਼ਿਵਪੁਰੀ ਪੁੱਜਣ 'ਤੇ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਦੇ ਨਾਲ-ਨਾਲ ਮੁਸਲਮਾਨ ਭਾਈਚਾਰੇ ਨੇ ਵੀ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ। ਇਥੇ ਰਾਵਤ ਭਾਈਚਾਰੇ ਦੇ ਲੋਕ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ। ਸਮਾਗਮ ਅਸਥਾਨ ਤੱਕ ਇਨ੍ਹਾਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਖੁੱਲ੍ਹੀ ਗੱਡੀ ਵਿਚ ਕਾਫਲੇ ਦੇ ਰੂਪ ਲਿਜਾਇਆ ਗਿਆ ਅਤੇ ਗੁਰਦੁਆਰਾ ਸਾਹਿਬ ਵਿਖੇ ਪੁੱਜਣ 'ਤੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਮਾਹੌਲ ਖ਼ਾਲਸਾਈ ਰੰਗ ਵਿਚ ਰੰਗਿਆ ਗਿਆ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਇਕ ਵਫਦ ਨੇ ਪੰਜਾਬ ਦੇ ਰਾਜਪਾਲ ਸ੍ਰੀ ਵੀ. ਪੀ. ਸਿੰਘ ਬਦਨੌਰ ਨੂੰ ਮਿਲ ਕੇ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਹਰਿਆਣਾ ਲਈ ਵੱਖਰੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹਮਾਇਤ ਦਾ ਹਲਫ਼ਨਾਮਾ ਤੁਰੰਤ ਵਾਪਸ ਲੈਣ ਦੀ ਹਦਾਇਤ ਜਾਰੀ ਕਰਨ। ਵਫਦ ਵੱਲੋਂ ਉਨ੍ਹਾਂ ਨੂੰ ਇਹ ਵੀ ਬੇਨਤੀ ਕੀਤੀ ਕਿ ਉਹ ਸੂਬਾ ਸਰਕਾਰ ਨੂੰ ਇਹ ਵੀ ਨਿਰਦੇਸ਼ ਦੇਣ ਕਿ ਬਹਿਬਲ ਕਲਾਂ ਗੋਲੀ ਕਾਂਡ ਦੇ ਮੁੱਖ ਗਵਾਹ ਸਾਬਕਾ ਸਰਪੰਚ ਸੁਰਜੀਤ ਸਿੰਘ ਦੀ ਮੌਤ ਲਈ ਜ਼ਿੰਮੇਵਾਰ ਹੋਣ ਵਜੋਂ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਤੇ ਕਿੱਕੀ ਢਿੱਲੋਂ ਨੂੰ ਬਰਖ਼ਾਸਤ ਕੀਤਾ ਜਾਵੇ।



ਪਿਛਲੇ ਦਿਨੀਂ ਜ਼ਿਲ੍ਹਾ ਸੰਗਰੂਰ ਦੇ ਕਸਬਾ ਲੌਂਗੋਵਾਲ ਵਿਖੇ ਇੱਕ ਸਕੂਲ ਵੈਨ ਨਾਲ ਭਿਆਨਕ ਹਾਦਸਾ ਵਾਪਰਨ ਨਾਲ ਚਾਰ ਬੱਚਿਆਂ ਦੀ ਮੌਤ ਹੋ ਗਈ ਸੀ। ਇਸ ਹਾਦਸੇ ਵਿਚ ਮਾਰੇ ਗਏ ਬੱਚਿਆਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਦੇ ਚੈੱਕ ਦਿੰਦੇ ਹੋਏ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ।

## ਪੰਜਾਬ ਦੇ ਡੀ.ਜੀ.ਪੀ. ਵੱਲੋਂ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਅੱਤਵਾਦ ਨਾਲ ਜੋੜਨਾ ਮੰਦਭਾਗਾ- ਭਾਈ ਲੌਂਗੋਵਾਲ

ਅੰਮ੍ਰਿਤਸਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜਾਬ ਦੇ ਡੀ.ਜੀ.ਪੀ. ਦਿਨਕਰ ਗੁਪਤਾ ਵੱਲੋਂ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਅੱਤਵਾਦ ਨਾਲ ਜੋੜਨ ਦੀ ਸ਼ਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਦੋਵਾਂ ਦੇਸ਼ਾਂ ਨੂੰ ਆਪਸ ਵਿਚ ਜੋੜਣ ਵਾਲਾ ਹੈ ਅਤੇ ਇਸ ਨਾਲ ਅਮਨ ਦਾ ਸੁਨੇਹਾ ਫੈਲਿਆ ਹੈ। ਅੰਗਰੇਜ਼ੀ ਦੇ ਇੱਕ ਅਖ਼ਬਾਰ ਵਿਚ ਸ੍ਰੀ ਦਿਨਕਰ ਗੁਪਤਾ ਵੱਲੋਂ ਕਰਤਾਰਪੁਰ ਸਾਹਿਬ ਦੇ ਲਾਂਘੇ ਨੂੰ ਸੁਰੱਖਿਆ ਲਈ ਖਦਸ਼ਾ ਬਿਆਨ ਕਰਨਾ ਅਤੇ ਸ਼ਰਧਾਲੂਆਂ ਨੂੰ ਸਵਾਲਾਂ ਦੇ ਘੇਰੇ ਵਿਚ ਲੈਣਾ ਸਿੱਖਾਂ ਨੂੰ ਬਦਨਾਮ ਕਰਨ ਵਾਲੀ ਗੱਲ ਹੈ।

ਦੱਸਣਯੋਗ ਹੈ ਕਿ ਪੰਜਾਬ ਦੇ ਡੀ.ਜੀ.ਪੀ. ਨੇ ਆਪਣੇ ਇੱਕ ਬਿਆਨ ਵਿਚ ਕਿਹਾ ਹੈ ਕਿ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਰਾਹੀਂ ਸਵੇਰੇ ਜਾ ਕੇ ਸ਼ਾਮ ਨੂੰ ਵਾਪਸ ਮੁੜਨ ਵਾਲਾ ਵਿਅਕਤੀ ਇੱਕ ਟਰੇਂਡ ਅੱਤਵਾਦੀ ਬਣ ਸਕਦਾ ਹੈ। ਡੀ.ਜੀ.ਪੀ. ਨੇ ਇਹ ਸਵਾਲ ਵੀ ਉਠਾਇਆ ਹੈ ਕਿ ਇਹ ਲਾਂਘਾ ਪਹਿਲਾਂ ਕਿਉਂ ਨਹੀਂ ਖੋਲ੍ਹਿਆ ਗਿਆ ਅਤੇ ਜੇਕਰ ਵੀਜ਼ਾ ਮੁਕਤ ਆਗਿਆ ਦਿੱਤੀ ਗਈ ਤਾਂ ਅੱਤਵਾਦ ਨੂੰ ਬੜਾਵਾ ਮਿਲ ਸਕਦਾ ਹੈ।

ਡੀ.ਜੀ.ਪੀ. ਦੇ ਬਿਆਨ ਦੀ ਨਿੰਦਾ ਕਰਦਿਆਂ ਭਾਈ ਲੌਂਗੋਵਾਲ ਨੇ ਕਿਹਾ ਕਿ ਇੱਕ ਜ਼ੁੰਮੇਵਾਰ ਪੁਲਿਸ ਅਧਿਕਾਰੀ ਵੱਲੋਂ ਅਜਿਹੀ ਗੈਰ ਜ਼ੁੰਮੇਵਾਰਾਨਾ ਬਿਆਨਬਾਜ਼ੀ ਕਰਨੀ ਉਸ ਦੀ ਸਿੱਖ ਵਿਰੋਧੀ ਸੋਚ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਵੱਲੋਂ 70 ਸਾਲਾਂ ਤੋਂ ਕੀਤੀਆਂ ਗਈਆਂ ਅਰਦਾਸਾਂ ਮਗਰੋਂ ਇਹ ਲਾਂਘਾ ਖੁੱਲ੍ਹਾ ਹੈ ਅਤੇ ਇਸ ਨਾਲ ਦੋਵਾਂ ਦੇਸ਼ਾਂ ਵਿਚ ਭਾਈਚਾਰਕ ਸਾਂਝਾਂ ਮਜ਼ਬੂਤ ਹੋਈਆਂ ਹਨ। ਭਾਰਤ ਤੇ ਪਾਕਿਸਤਾਨ ਸਰਕਾਰਾਂ ਵੱਲੋਂ ਲਏ ਗਏ ਇਸ ਅੰਤਰਰਾਸ਼ਟਰੀ ਫੈਸਲੇ ਦੀ ਪੂਰੇ ਵਿਸ਼ਵ ਵਿਚ ਸ਼ਲਾਘਾ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟਰੇਸ ਨੇ ਵੀ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਸਮੇਂ ਇਸ ਲਾਂਘੇ ਨੂੰ ਵਿਸ਼ਵ ਸ਼ਾਂਤੀ ਦਾ ਸੋਮਾ ਕਰਾਰ ਦਿੱਤਾ ਹੈ। ਜੇਕਰ ਅੰਤਰਰਾਸ਼ਟਰੀ ਆਗੂ ਇਸ ਦੀ ਤਾਰੀਫ ਕਰ ਰਹੇ ਹਨ ਤਾਂ ਪੰਜਾਬ ਦਾ ਇੱਕ ਸਮਰੱਥ ਅਧਿਕਾਰੀ ਇਸ ਨੂੰ ਕਿਉਂ ਨਿੰਦ ਰਿਹਾ ਹੈ, ਇਹ ਸਵਾਲ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਡੀ.ਜੀ.ਪੀ. ਦੇ ਬਿਆਨ ਨਾਲ ਸਿੱਖ ਭਾਵਨਾ ਨੂੰ ਠੇਸ ਪੁੱਜੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸੂਬੇ ਦਾ ਕੋਈ ਵੀ ਅਧਿਕਾਰੀ ਸਰਕਾਰ ਦੇ ਪ੍ਰਭਾਵ ਹੇਠ ਹੀ ਅਜਿਹਾ ਬਿਆਨ ਦੇ ਸਕਦਾ ਹੈ। ਇਸ ਨਾਲ ਪੰਜਾਬ ਦੀ ਕਾਂਗਰਸ ਸਰਕਾਰ ਵੀ ਸਵਾਲਾ ਦੇ ਘੇਰੇ ਵਿਚ ਆਈ ਹੈ। ਉਨ੍ਹਾਂ ਆਖਿਆ ਕਿ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਅਜਿਹੇ ਬਿਆਨ ਦਿੰਦੇ ਰਹੇ ਹਨ। ਹੁਣ ਡੀ.ਜੀ.ਪੀ. ਨੇ ਮੁੱਖ ਮੰਤਰੀ ਦੀ ਸੁਰ ਵਿਚ ਬੋਲਿਆ ਹੈ। ਇਸ ਤੋਂ ਸਿੱਧ ਹੁੰਦਾ ਹੈ ਕਿ ਪੰਜਾਬ ਦੀ ਕਾਂਗਰਸ ਸਰਕਾਰ ਲਾਂਘਾ ਬੰਦ ਕਰਵਾਉਣ ਦੀ ਮਨਸ਼ਾ ਨਾਲ ਕੰਮ ਕਰ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਲਾਂਘੇ ਰਾਹੀਂ ਹੁਣ ਤੱਕ 50 ਹਜ਼ਾਰ ਸ਼ਰਧਾਲੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਇਸ ਦੌਰਾਨ ਅਜਿਹਾ ਕੋਈ ਵੀ ਮਾਮਲਾ ਸਾਹਮਣੇ ਨਹੀਂ ਆਇਆ ਜਿਸ ਦਾ ਖਦਸ਼ਾ ਸ੍ਰੀ ਦਿਨਕਰ ਗੁਪਤਾ ਪ੍ਰਗਟ ਕਰ ਰਹੇ ਹਨ।

## ਦਿੱਲੀ ਹਵਾਈ ਅੱਡੇ 'ਤੇ ਘਰੇਲੂ ਉਡਾਣ 'ਚ ਸਿੱਖ ਨੂੰ ਕਕਾਰ ਉਤਾਰ ਕੇ ਜਾਣ ਲਈ ਮਜ਼ਬੂਰ ਕਰਨਾ ਮੰਦਭਾਗਾ

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਦਿੱਲੀ ਦੇ ਕੌਮਾਂਤਰੀ ਹਵਾਈ ਅੱਡੇ 'ਤੇ ਇਕ ਸਿੱਖ ਯਾਤਰੀ ਨੂੰ ਘਰੇਲੂ ਉਡਾਣ ਵਿਚ ਕ੍ਰਿਪਾਨ ਸਮੇਤ ਦਾਖਲ ਹੋਣ ਤੋਂ ਰੋਕਣ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਘਰੇਲੂ ਉਡਾਣਾ ਸਮੇਂ ਸਿੱਖਾਂ ਨੂੰ ਕਕਾਰਾਂ ਅਤੇ ਖਾਸ ਕਰਕੇ ਕ੍ਰਿਪਾਨ ਸਮੇਤ ਸਫਰ ਕਰਨ ਦੀ ਇਜ਼ਾਜਤ ਹੈ, ਪ੍ਰੰਤੂ ਹਰਪ੍ਰੀਤ ਸਿੰਘ ਨਾਮ ਦੇ ਸਿੱਖ ਨੂੰ ਦਿੱਲੀ ਤੋਂ ਮੁੰਬਈ ਜਾਣ ਸਮੇਂ ਕ੍ਰਿਪਾਨ ਉਤਾਰਨ ਲਈ ਮਜ਼ਬੂਰ ਕੀਤਾ ਗਿਆ ਹੈ। ਇਹ ਸਿੱਖਾਂ ਦੀ ਧਾਰਮਿਕ ਆਜ਼ਾਦੀ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਏਅਰ ਇੰਡੀਆ ਪਾਸ ਉਠਾਇਆ ਜਾਵੇਗਾ। ਉਨ੍ਹਾਂ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਕਿ ਅਜਿਹੇ ਮਾਮਲਿਆਂ ਸਬੰਧੀ ਸ਼ਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ। ਘਰੇਲੂ ਉਡਾਣਾ ਵਿਚ ਸਿੱਖਾਂ ਨੂੰ ਕਕਾਰਾਂ ਸਮੇਤ ਜਾਣ ਦੀ ਇਜ਼ਾਜਤ ਨੂੰ ਸ਼ਖ਼ਤੀ ਨਾਲ ਲਾਗੂ ਕਰਵਾਇਆ ਜਾਵੇ। ਅਜਿਹੇ ਅਧਿਕਾਰੀਆਂ ਖਿਲਾਫ ਕਰੜੀ ਕਾਰਵਾਈ ਹੋਵੇ ਜੋ ਜਾਣਬੁਝ ਕੇ ਸਿੱਖਾਂ ਨੂੰ ਤੰਗ-ਪ੍ਰੇਸ਼ਾਨ ਕਰਦੇ ਹਨ।

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਵੱਖਰੀ ਹਰਿਆਣਾ ਕਮੇਟੀ ਸਬੰਧੀ ਕੈਪਟਨ ਸਰਕਾਰ ਦੇ ਹਲਫ਼ਨਾਮੇ ਦੀ ਨਿੰਦਾ

## ਆਉਣ ਵਾਲੀਆਂ ਸ਼ਤਾਬਦੀਆਂ ਸਬੰਧੀ ਉੱਚ ਤਾਕਤੀ ਕਮੇਟੀ ਬਣਾਉਣ ਦਾ ਫੈਸਲਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਥੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਪੰਜਾਬ ਦੀ ਕੈਪਟਨ ਸਰਕਾਰ ਵੱਲੋਂ ਵੱਖਰੀ ਹਰਿਆਣਾ ਗੁਰਦੁਆਰਾ ਕਮੇਟੀ ਦੇ ਹੱਕ ਵਿਚ ਦਿੱਤੇ ਹਲਫ਼ਨਾਮੇ ਸਬੰਧੀ ਨਿੰਦਾ ਮਤਾ ਪਾਸ ਕਰਦਿਆਂ ਪੰਜਾਬ ਸਰਕਾਰ ਦੀ ਕਾਰਵਾਈ ਨੂੰ ਘਿਨੌਣੀ ਸਾਜ਼ਿਸ਼ ਕਰਾਰ ਦਿੱਤਾ ਹੈ। ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਬੈਠਕ ਦੌਰਾਨ ਸ. ਰਵਨੀਤ ਸਿੰਘ ਬਿੱਟੂ ਵੱਲੋਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਰੁੱਧ ਵਰਤੀ ਗਈ ਗਲਤ ਸ਼ਬਦਾਵਲੀ ਦੀ ਵੀ ਨਿਖੇਧੀ ਕੀਤੀ ਗਈ। ਇਕੱਤਰਤਾ ਦੌਰਾਨ ਫੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਕਮੇਟੀ ਪੰਜਾਬ ਦੀ ਕਾਂਗਰਸ ਸਰਕਾਰ ਨੂੰ ਉਸ ਦੀ ਮਨਸ਼ਾ ਵਿਚ ਕਾਮਯਾਬ ਨਹੀਂ ਹੋਣ ਦੇਵੇਗੀ ਅਤੇ ਵੱਖਰੀ ਹਰਿਆਣਾ ਗੁਰਦੁਆਰਾ ਕਮੇਟੀ ਵਿਰੁੱਧ ਹਰ ਪੱਧਰ 'ਤੇ ਲੜਾਈ ਲੜੇਗੀ।

ਇਕੱਤਰਤਾ ਮਗਰੋਂ ਗੱਲਬਾਤ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਸ਼੍ਰੋਮਣੀ ਕਮੇਟੀ ਨੂੰ ਤੋੜਨ ਦੀ ਨੀਅਤ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਕਾਂਗਰਸ ਹਮੇਸ਼ਾ ਸਿੱਖਾਂ ਦੀ ਦੁਸ਼ਮਣ ਰਹੀ ਹੈ ਅਤੇ ਇਸ ਦੀ ਕਿਸੇ ਵੀ ਸਿੱਖ ਵਿਰੋਧੀ ਚਾਲ ਨੂੰ ਪੂਰਾ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਆਖਿਆ ਕਿ ਸਿੱਖ ਗੁਰਦੁਆਰਾ ਐਕਟ 1925 ਵਿਚ ਕਿਸੇ ਵੀ ਤਰ੍ਹਾਂ ਦੀ ਸੋਧ ਕਰਨ ਦਾ ਅਧਿਕਾਰ ਸੂਬਾ ਸਰਕਾਰਾਂ ਪਾਸ ਨਹੀਂ ਹੈ, ਜਦਕਿ ਪੰਜਾਬ ਦੀ ਮੌਜੂਦਾ ਸਰਕਾਰ ਜਾਣਬੁਝ ਕੇ ਮਾਮਲੇ ਵਿਚ ਦਖ਼ਲ ਦੇ ਰਹੀ ਹੈ। ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਹੋਰ ਫੈਸਲਿਆਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਬੀਤੇ ਦਿਨੀਂ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਪਹੂਵਿੰਡ ਤੋਂ ਸਜਾਏ ਗਏ ਨਗਰ ਕੀਰਤਨ ਦੌਰਾਨ ਵਾਪਰੇ ਹਾਦਸੇ ਦੇ ਮ੍ਰਿਤਕਾਂ ਨੂੰ 1-1 ਲੱਖ ਰੁਪਏ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਸ ਹਾਦਸੇ ਦੌਰਾਨ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਵੀ 25-25 ਹਜ਼ਾਰ ਰੁਪਏ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਨੂੰ ਮਹੰਤਾਂ ਪਾਸੋਂ ਅਜ਼ਾਦ ਕਰਵਾਉਣ ਲਈ 22 ਮਈ 1964 ਨੂੰ ਵਾਪਰੇ ਸਾਕੇ ਵਿਚ ਮਿਸਲ ਸ਼ਹੀਦਾਂ ਤਰਨਾ ਦਲ ਦੇ ਸ਼ਹੀਦ ਹੋਏ 11 ਸਿੰਘਾਂ ਦੀ ਯਾਦ ਵਿਚ ਹਰ ਸਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।

ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ 2020 ਅਤੇ 2021 ਵਿਚ ਆਉਣ ਵਾਲੀਆਂ ਸ਼ਤਾਬਦੀਆਂ ਜਾਹੋ-ਜਲਾਲ ਨਾਲ ਮਨਾਉਣ ਲਈ ਉੱਚ-ਤਾਕਤੀ ਸਬ-ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਸ਼ਤਾਬਦੀਆਂ ਸਮੇਂ ਕੌਮਾਂਤਰੀ ਪੱਧਰ ਦੇ ਸਮਾਗਮ ਕੀਤੇ ਜਾਣਗੇ। ਇਸ ਦੀ ਰੂਪ-ਰੇਖਾ ਤੈਅ ਕਰਨ ਲਈ ਸਬ-ਕਮੇਟੀ ਕਾਰਜ ਕਰੇਗੀ ਅਤੇ ਜਲਦ ਹੀ ਸਮਾਗਮ ਆਰੰਭੇ ਜਾਣਗੇ। ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਭਾਈ ਲੌਂਗੋਵਾਲ ਨੇ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ 11 ਸਾਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਰਹੇ ਹਨ। ਉਨ੍ਹਾਂ ਦੇ ਕਾਰਜਕਾਲ ਦੌਰਾਨ ਪ੍ਰਬੰਧਕੀ ਮਾਮਲਿਆਂ ਸਮੇਤ ਸਿੱਖ ਵਿਦਿਅਕ ਅਦਾਰਿਆਂ ਦੇ ਵਿਸਥਾਰ ਅਤੇ ਧਰਮ ਪ੍ਰਚਾਰ ਲਹਿਰ ਨੂੰ ਵੱਡਾ ਹੁਲਾਰਾ ਮਿਲਿਆ। ਅੰਤ੍ਰਿੰਗ ਕਮੇਟੀ ਨੇ ਉਨ੍ਹਾਂ ਦੀਆਂ ਸੇਵਾਵਾਂ ਦੇ ਸਤਿਕਾਰ ਵਜੋਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਉਨ੍ਹਾਂ ਦੀ ਤਸਵੀਰ ਲਗਾਉਣ ਦਾ ਫੈਸਲਾ ਕੀਤਾ ਹੈ। ਇਸੇ ਦੌਰਾਨ ਜਥੇਦਾਰ ਅਵਤਾਰ ਸਿੰਘ ਮੱਕੜ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਕੰਵਲਇੰਦਰ ਸਿੰਘ ਠੇਕੇਦਾਰ ਦੇ ਅਕਾਲ ਚਲਾਣੇ ਸਬੰਧੀ ਸ਼ੋਕ ਮਤੇ ਵੀ ਪਾਸ ਕੀਤੇ ਗਏ ਅਤੇ ਵਿਛੜੀਆਂ ਸ਼ਖ਼ਸੀਅਤਾਂ ਨੂੰ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਕੇ ਸ਼ਰਧਾਜਲੀ ਦਿੱਤੀ ਗਈ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਭਾਈ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ ਲਹਿਰਾ, ਮੁੱਖ ਸਕੱਤਰ ਡਾ. ਰੂਪ ਸਿੰਘ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ ਤੇ ਸ. ਸੁਖਮਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਦਰਸ਼ਨ ਸਿੰਘ ਪੀ.ਏ., ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨੂੰ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਬਾਣੀ ਅਕਾਲ ਪੁਰਖ ਦੀ ਭਗਤੀ ਦਾ ਉਪਦੇਸ਼ ਤੇ ਸਰਬ-ਸਾਂਝੀਵਾਲਤਾ ਦੀ ਗੱਲ ਕਰਦੀ ਹੈ। ਭਗਤ ਰਵਿਦਾਸ ਜੀ ਨੇ ਸਮਾਜ ਦੀ ਉਨਤੀ ਲਈ ਜੋ ਰਸਤਾ ਦਿਖਾਇਆ ਉਸ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਅਨੰਦਮਈ ਬਣਾ ਸਕਦੇ ਹਾਂ। ਇਸ ਸਬੰਧੀ ਸਜਾਏ ਗਏ ਦੀਵਨ ਅੰਦਰ ਢਾਡੀ ਤੇ ਕਵੀਸ਼ਰ ਜਥਿਆਂ ਨੇ ਵੀ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਸੁਖਬੀਰ ਸਿੰਘ, ਸ. ਨਿਸ਼ਾਨ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਮਲਕੀਤ ਸਿੰਘ ਬਹਿੜਵਾਲ ਸ. ਕਾਬਲ ਸਿੰਘ ਲੋਹਾਰਕਾ ਸਮੇਤ ਸ੍ਰੀ ਦਰਬਾਰ ਸਾਹਿਬ ਦਾ ਸਮੂਹ ਸਟਾਫ਼ ਅਤੇ ਸੰਗਤਾਂ ਮੌਜੂਦ ਸਨ।

# ਅਮਰੀਕੀ ਹਵਾਈ ਫੌਜ 'ਚ ਸਿੱਖਾਂ ਦੇ ਧਾਰਮਿਕ ਪਹਿਰਾਵੇ ਨੂੰ ਮਾਨਤਾ ਸ਼ਲਾਘਾਯੋਗ- ਭਾਈ ਲੌਂਗੋਵਾਲ

ਅੰਮ੍ਰਿਤਸਰ- ਅਮਰੀਕੀ ਹਵਾਈ ਸੈਨਾ ਵੱਲੋਂ ਧਾਰਮਿਕ ਭਾਵਨਾਵਾਂ ਦਾ ਖਿਆਲ ਰੱਖਦਿਆਂ ਡਰੈਸ ਕੋਡ ਵਿਚ ਕੀਤੀ ਗਈ ਤਬਦੀਲੀ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਵਾਗਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਅਮਰੀਕੀ ਹਵਾਈ ਫੌਜ ਦੇ ਤਾਜਾ ਫੈਸਲੇ ਨਾਲ ਸਿੱਖਾਂ ਸਮੇਤ ਕਈ ਹੋਰ ਧਰਮਾਂ ਦੇ ਲੋਕਾਂ ਨੂੰ ਰਾਹਤ ਮਿਲੇਗੀ। ਅਮਰੀਕਾ ਅੰਦਰ ਇਹ ਘੱਟ ਗਿਣਤੀ ਸਿੱਖਾਂ ਲਈ ਖੁਸ਼ੀ ਦੀ ਖ਼ਬਰ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਪੂਰੇ ਵਿਸ਼ਵ ਅੰਦਰ ਆਪਣੀ ਮਿਹਨਤ ਅਤੇ ਲਿਆਕਤ ਨਾਲ ਸਥਾਨ ਨਿਰਧਾਰਤ ਕੀਤਾ ਹੈ। ਅਮਰੀਕਾ ਵੱਲੋਂ ਹਵਾਈ ਫੌਜ ਅੰਦਰ ਵਰਦੀ ਦੇ ਨਿਯਮਾਂ ਵਿਚ ਧਾਰਮਿਕ ਪਹਿਰਾਵੇ ਨੂੰ ਮਾਨਤਾ ਦੇਣੀ ਚੰਗੀ ਗੱਲ ਹੈ। ਉਨ੍ਹਾਂ ਇਸ ਫੈਸਲੇ ਲਈ ਅਮਰੀਕੀ ਹਵਾਈ ਫੌਜ ਦਾ ਧੰਨਵਾਦ ਕੀਤਾ।



ਗੁਰਦੁਆਰਾ ਗੰਗਸਰ ਸਾਹਿਬ ਪਾ: ਦਸਵੀਂ ਜੈਤੋ (ਫਰੀਦਕੋਟ) ਵਿਖੇ ਸਰੋਵਰ ਅਤੇ ਪਰਿਕਰਮਾ ਦੇ ਬਰਾਂਡੇ ਨਵੇਂ ਸਿਰਿਓਂ ਬਣਾਉਣ ਲਈ ਟੱਕ ਲਾ ਕੇ ਸੇਵਾ ਆਰੰਭ ਕਰਵਾਉਂਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਅੰਤ੍ਰਿੰਗ ਮੈਂਬਰ ਜਥੇ. ਗੁਰਪਾਲ ਸਿੰਘ ਗੋਰਾ, ਜਥੇ. ਸ਼ੇਰ ਸਿੰਘ ਮੰਡਵਾਲਾ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਬੀਬੀ ਚਰਨਜੀਤ ਕੌਰ ਬਾਠ, ਬਾਬਾ ਬਲਦੇਵ ਸਿੰਘ ਕਾਰ ਸੇਵਾ ਵਾਲੇ ਤੇ ਹੋਰ।

# ਸ. ਹਰਚਰਨ ਸਿੰਘ ਵਿਰੋਧੀਆਂ ਦਾ ਹੱਥ ਠੋਕਾ ਬਣ ਕੇ ਸੰਸਥਾ ਵਿਰੁੱਧ ਕੂੜ ਪ੍ਰਚਾਰ ਕਰਨ ਤੋਂ ਗੁਰੇਜ਼ ਕਰੇ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸਿੱਖਾਂ ਦੇ ਸਿਰਾਂ 'ਤੇ ਸਿਰਜੀ ਕੌਮੀ ਕੌਮਾਂਤਰੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 100 ਸਾਲ ਪੂਰੇ ਹੋਣ ਜਾ ਰਹੇ ਹਨ, ਪਰੰਤੂ ਕੁਝ ਆਪਣੇ ਹੀ ਲੋਕਾਂ ਵੱਲੋਂ ਇਸ ਨੂੰ ਬਦਨਾਮ ਕਰਨ ਦੀ ਕੋਝੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸ. ਹਰਚਰਨ ਸਿੰਘ ਸਾਬਕਾ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੀ ਕਾਰਜਸ਼ੈਲੀ 'ਤੇ ਸਵਾਲ ਖੜ੍ਹੇ ਕਰਨੇ ਉਸ ਦੇ ਦੋਗਲੇ ਚਿਹਰੇ ਦਾ ਪ੍ਰਗਟਾਵਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ ਅਤੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਨੇ ਸਾਂਝੇ ਰੂਪ ਵਿਚ ਇਥੋਂ ਜਾਰੀ ਪ੍ਰੈੱਸ ਬਿਆਨ ਵਿਚ ਕੀਤਾ। ਉਨ੍ਹਾਂ ਕਿਹਾ ਕਿ ਸ. ਹਰਚਰਨ ਸਿੰਘ ਖੁਦ ਸ਼੍ਰੋਮਣੀ ਕਮੇਟੀ ਵਿਚ ਸਿਖਰਲੀ ਪ੍ਰਬੰਧਕੀ ਪਦਵੀ 'ਤੇ ਕਾਰਜਸ਼ੀਲ ਰਹੇ ਹਨ। ਆਪਣੇ ਸਮੇਂ ਦੌਰਾਨ ਉਸ ਨੇ ਸੰਸਥਾ ਦੇ ਹਰ ਫੈਸਲੇ 'ਤੇ ਸਹਿਮਤੀ ਦਿੰਦਿਆਂ ਫਾਈਲਾਂ ਅੱਗੇ ਭੇਜੀਆਂ। ਉਨ੍ਹਾਂ ਕਿਹਾ ਕਿ ਉਸ ਵੱਲੋਂ ਲਾਏ ਗਏ ਇਲਜ਼ਾਮਾਂ ਵਿਚ ਜੇਕਰ ਕੋਈ ਵਜ਼ਨ ਹੈ ਤਾਂ ਉਹ ਫਾਈਲਾਂ 'ਤੇ ਦਸਤਖ਼ਤ ਕਿਉਂ ਕਰਦਾ ਰਿਹਾ। ਹਰ ਮਤਾ ਉਸ ਨੇ ਆਪਣੇ ਦਸਤਖ਼ਤਾਂ ਨਾਲ ਹੀ ਰਲੀਜ਼ ਕੀਤਾ। 2015 ਵਿਚ ਰਾਮ ਰਹੀਮ ਦੀ ਮੁਆਫ਼ੀ ਸਬੰਧੀ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਵਾਲੇ ਮਤੇ ਉੱਪਰ ਵੀ ਸ. ਹਰਚਰਨ ਸਿੰਘ ਦੇ ਹੀ ਦਸਤਖ਼ਤ ਹਨ। ਜੇਕਰ ਇਹ ਇਸ ਨਾਲ ਸਹਿਮਤ ਨਹੀਂ ਸੀ ਤਾਂ ਮਤਾ ਜਾਰੀ ਹੀ ਕਿਉਂ ਕੀਤਾ। ਉਹ ਸ਼੍ਰੋਮਣੀ ਕਮੇਟੀ ਵੱਲੋਂ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਾਪਤ ਕਰਦਾ ਰਿਹਾ ਅਤੇ ਅੱਜ ਜਾਣਬੁਝ ਕੇ ਸੰਸਥਾ ਨੂੰ ਬਦਨਾਮ ਕਰ ਰਿਹਾ ਹੈ। ਇਸ ਨੇ ਸੰਸਥਾ ਵਿੱਚੋਂ 23 ਮਹੀਨਿਆਂ 'ਚ ਲਗਭਗ 84 ਲੱਖ ਰੁਪਏ ਤਨਖ਼ਾਹ ਤੇ ਹੋਰ ਭੱਤੇ ਤੇ ਸਹੂਲਤਾਂ ਦੇ ਰੂਪ ਵਿਚ ਵਸੂਲ ਕੀਤਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਸਕੱਤਰ ਪੱਧਰ ਦੇ ਅਧਿਕਾਰੀ ਲਈ ਬਣਾਈ ਕੋਠੀ ਨੂੰ ਉਸ ਨੇ ਪ੍ਰਵਾਨ ਨਹੀਂ ਕੀਤਾ। ਆਪਣੀ ਮਰਜ਼ੀ ਅਨੁਸਾਰ ਆਪਣੀਆਂ ਗੱਡੀਆਂ ਖਰੀਦਦਾ ਰਿਹਾ। ਉਨ੍ਹਾਂ ਕਿਹਾ ਕਿ ਸ. ਹਰਚਰਨ ਸਿੰਘ ਨੇ ਆਪਣੀ ਨਿਯੁਕਤੀ ਵਿਰੁੱਧ ਹੋਏ ਅਦਾਲਤੀ ਕੇਸ ਸਬੰਧੀ ਵਕੀਲ ਦੀ ਫੀਸ 2 ਲੱਖ 50 ਹਜ਼ਾਰ ਰੁਪਏ ਅਦਾ ਕਰਨ ਦੇ ਬਹਾਨੇ ਆਪਣੇ ਨਿੱਜੀ ਖਾਤੇ ਵਿਚ ਪਵਾਏ ਜੋ ਕਿ ਸ਼੍ਰੋਮਣੀ ਕਮੇਟੀ ਵੱਲੋਂ ਦੇਣੇ ਬਣਦੇ ਹੀ ਨਹੀਂ ਸਨ। ਇਸ ਤਰ੍ਹਾਂ ਇਸ ਨੇ ਆਪਣੇ ਅਹੁਦੇ ਦੀ ਗਲਤ ਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਇਥੇ ਹੀ ਬੱਸ ਨਹੀਂ ਇਸ ਨੇ 2008-2009 ਵਿਚ ਸੰਸਥਾ ਦਾ ਕੰਪਿਊਟਰੀ ਕਰਨ ਲਈ 28 ਲੱਖ 98 ਹਜ਼ਾਰ 700 ਰੁਪਏ ਆਪਣੀ ਹੀ ਕੰਪਨੀ ਡੀ-ਲਾਈਟ ਕੰਪਨੀ ਦੇ ਨਾਂ 'ਤੇ ਵਸੂਲ ਕੀਤੇ ਸਨ, ਇਸ ਤਰ੍ਹਾਂ ਇਹ ਵਿਅਕਤੀ ਆਪ-ਹੁਦਰੀਆਂ ਕਰਕੇ ਸੰਸਥਾ ਦੀ ਲੁੱਟ-ਖਸੁੱਟ ਕਰਦਾ ਰਿਹਾ ਇਸੇ ਕਰਕੇ ਹੀ ਇਸ ਨੂੰ ਸੰਸਥਾ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਗਿਆ ਅਤੇ ਇਹ ਹੁਣ ਵਿਰੋਧੀਆਂ ਦਾ ਹੱਥ ਠੋਕਾ ਬਣ ਕੇ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਦੇ ਮਾਣ-ਸਨਮਾਨ ਨੂੰ ਢਾਹ ਲਾਈ ਹੈ। ਅਜਿਹੀਆਂ ਕਈ ਹੋਰ ਮਿਸਾਲਾਂ ਹਨ ਜੋ ਉਸ ਦੇ ਸ਼ੱਕੀ ਕਿਰਦਾਰ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਅਜਿਹੇ ਵਿਅਕਤੀ ਦੀਆਂ ਗੱਲਾਂ ਵੱਲ ਧਿਆਨ ਨਾ ਦੇਣ।

ਇਸੇ ਤਰ੍ਹਾਂ ਸੰਗਤਾਂ ਵਿਚ ਪਾਏ ਜਾ ਰਹੇ ਤਰ੍ਹਾਂ ਤਰ੍ਹਾਂ ਦੇ ਭਰਮ ਭੁਲੇਖਿਆਂ ਨੂੰ ਦੂਰ ਕਰਦਿਆਂ ਉਨ੍ਹਾਂ ਕਿਹਾ ਕਿ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨਾਏ ਗਏ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਅਖ਼ਬਾਰਾਂ 'ਚ ਇਸ਼ਤਿਹਾਰ ਦੇ ਕੇ ਪੰਡਾਲ ਲਗਾਉਣ ਸਬੰਧੀ ਟੈਂਡਰ ਮੰਗੇ ਗਏ ਸਨ। ਜਿਸ ਵਿਚ ਨੀਯਤ ਸਬ-ਕਮੇਟੀ ਵੱਲੋਂ ਪੁੱਜੇ ਟੈਂਡਰਾਂ ਵਿੱਚੋਂ ਸ਼ੌ ਕਰਾਫਟ ਪ੍ਰ: ਲਿਮਟਿਡ ਕੰਪਨੀ ਨਵੀਂ ਦਿੱਲੀ ਦਾ ਟੈਂਡਰ ਪ੍ਰਵਾਨ ਕੀਤਾ ਗਿਆ ਸੀ। ਪ੍ਰਵਾਨ ਕੀਤੇ ਇਸ ਟੈਂਡਰ ਅਨੁਸਾਰ ਮੇਨ ਪੰਡਾਲ 'ਤੇ 2 ਕਰੋੜ 72 ਲੱਖ 82 ਹਜ਼ਾਰ 925 ਰੁਪਏ ਅਤੇ ਗੇਟ 'ਤੇ 32 ਲੱਖ 3 ਹਜ਼ਾਰ 478 ਰੁਪਏ ਇਸ ਕੰਪਨੀ ਨੂੰ ਸੰਸਥਾ ਵੱਲੋਂ ਅਦਾ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸੰਸਥਾ ਵੱਲੋਂ ਸੰਗਤਾਂ ਦੀ ਸਹੂਲਤ ਵਾਸਤੇ ਜੋੜਾ ਘਰ, ਗੱਠੜੀ ਘਰ, ਬਾਥਰੂਮ, ਲਾਈਟ ਐਂਡ ਸਾਊਂਡ ਸ਼ੌ, ਸਿਹਤ ਸਹੂਲਤਾਂ, ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਗੁਰਦੁਆਰਾ ਸੀ ਹੱਟ ਸਾਹਿਬ ਤੱਕ ਐਲ.ਈ.ਡੀ. ਸਕਰੀਨਾਂ ਤੇ ਐਲ.ਈ.ਡੀ. ਲਾਈਟਾਂ ਦੇ ਨਾਲ-ਨਾਲ ਲੇਜ਼ਰ ਸ਼ੌ,, ਡਰੋਨ ਸ਼ੌ ਆਦਿ ਪੁਰ ਖ਼ਰਚ ਕੀਤੇ ਗਏ ਸਨ, ਪਰ ਸੰਸਥਾ ਨੂੰ ਬਦਨਾਮ ਕਰਨ ਖਾਤਰ ਕੇਵਲ ਮੇਨ ਪੰਡਾਲ ਦਾ ਨਾਂ ਲੈ ਕੇ ਸੰਗਤਾਂ ਨੂੰ ਗੁਮਰਾਹ ਕੀਤਾ ਜਾ ਰਿਹਾ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਐਸ. ਐਸ. ਕੋਹਲੀ ਐਂਡ ਐਸੋਸੀਏਟ ਚੰਡੀਗੜ੍ਹ ਦੀ ਫਰਮ ਪ੍ਰਤੀ ਫ਼ੀਸ ਨੂੰ ਲੈ ਕੇ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਉਨ੍ਹਾਂ ਸੱਚਾਈ ਨਾਲ ਰੂਬਰੂ ਕਰਵਾਉਂਦਿਆਂ ਦੱਸਿਆ ਕਿ ਫਰਮ ਨੂੰ ਬਕਾਇਦਾ ਸੰਨ 2010 ਤੋਂ ਅਖਬਾਰਾਂ ਵਿਚ ਇਸ਼ਤਿਹਾਰ ਦੇ ਕੇ ਟੈਂਡਰ ਕਰਕੇ ਹੀ ਗੁਰਦੁਆਰਾ ਸਾਹਿਬਾਨ 85 ਦਾ ਪ੍ਰੀਆਡਿਟ/ਇੰਟਰਨਲ ਆਡਿਟ ਅਤੇ ਬਾਅਦ ਵਿਚ ਸਕੂਲਾਂ/ਕਾਲਜਾਂ ਦਾ ਕੰਮ ਅਲਾਟ ਕੀਤਾ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਪੁੱਜੇ ਹੋਏ ਟੈਂਡਰਾਂ ਵਿੱਚੋਂ ਘੱਟ ਰੇਟ ਵਾਲੀ ਫਰਮ ਨੂੰ ਹੀ ਨਿਯਮਾਂ ਅਨੁਸਾਰ ਪ੍ਰਵਾਨ ਕੀਤਾ ਗਿਆ ਸੀ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਕੇ ਬਾਗ 'ਚ 400 ਕਿਸਮ ਦੇ ਗੁਲਾਬ ਬਿਖੇਰਨਗੇ ਮਹਿਕਾਂ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਥਾਪਤ ਕੀਤੇ ਜਾ ਰਹੇ ਗੁਰੂ ਕੇ ਬਾਗ ਦੀਆਂ ਤਿਆਰੀਆਂ ਨੂੰ ਅੰਤਮ ਛੋਹਾਂ ਦਿੰਦਿਆਂ ਇਸ ਵਿਚ 400 ਕਿਸਮ ਦੇ ਗੁਲਾਬ ਲਗਾਏ ਗਏ ਹਨ। ਇਸ ਤੋਂ ਪਹਿਲਾਂ ਬਾਗ ਅੰਦਰ ਤਿੰਨ ਪਰਤੀ ਕਿਆਰੀਆਂ ਵਿਚ ਵੱਖ-ਵੱਖ ਤਰ੍ਹਾਂ ਦੇ ਛੋਟੇ ਵੱਡੇ ਬੂਟੇ ਲਗਾਏ ਜਾ ਚੁੱਕੇ ਹਨ। ਸ਼੍ਰੋਮਣੀ ਕਮੇਟੀ ਵੱਲੋਂ ਬਾਗ ਨੂੰ ਨਵੀਂ ਦਿੱਖ ਵਿਚ ਹਰਿਆ-ਭਰਿਆ ਬਣਾਉਣ ਲਈ ਕੁਝ ਮਹੀਨੇ ਪਹਿਲਾਂ ਕੰਮ ਸ਼ੁਰੂ ਕੀਤਾ ਗਿਆ ਸੀ। ਇਸ ਦੀ ਕਾਰਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਕਰਵਾ ਰਹੇ ਹਨ। ਬਾਗਬਾਨੀ ਮਾਹਿਰਾਂ ਦੀਆਂ ਸੇਵਾਵਾਂ ਵੀ ਸ਼੍ਰੋਮਣੀ ਕਮੇਟੀ ਵੱਲੋਂ ਲਈਆਂ ਜਾ ਰਹੀਆਂ ਹਨ। ਅੱਜ ਬਾਗ ਅੰਦਰ ਗੁਲਾਬ ਦੇ 2 ਹਜ਼ਾਰ ਤੋਂ ਵੱਧ ਬੂਟੇ ਬੂਟੇ ਲਗਾਏ ਗਏ, ਜਿਸ ਦੀ ਸ਼ੁਰੂਆਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਸੁਖਜਿੰਦਰ ਸਿੰਘ, ਵਾਤਾਵਰਨ ਪ੍ਰੇਮੀ ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਅਤੇ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਕੀਤੀ ਗਈ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਵਾਤਾਵਰਨ ਦੀ ਚੁਣੌਤੀ ਅੱਜ ਦੀ ਸਭ ਤੋਂ ਵੱਡੀ ਚੁਣੌਤੀ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਵਾਤਾਵਰਨ ਸੰਭਾਲ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਹ ਬਾਗ ਇਕ ਪ੍ਰੇਰਣਾ ਸਰੋਤ ਵਜੋਂ ਸਾਹਮਣੇ ਆਵੇਗਾ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਚੌਗਿਰਦੇ ਨੂੰ ਖ਼ੂਬਸੂਰਤ ਤੇ ਹਰਿਆਲੀ ਭਰਪੂਰ ਬਣਾਉਣਾ ਇਕ ਮਾਡਲ ਸਥਾਪਤ ਕਰਨ ਦੀ ਤਰ੍ਹਾਂ ਹੈ। ਇਥੋਂ ਸੰਗਤਾਂ ਪ੍ਰੇਰਣਾ ਪ੍ਰਾਪਤ ਕਰਨਗੀਆਂ ਅਤੇ ਇਸ ਲਹਿਰ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਅੱਗੇ ਵਧਣਗੀਆਂ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਬਾਗ ਅੰਦਰ ਵੱਡੇ, ਦਰਮਿਆਨੇ ਅਤੇ ਛੋਟੇ ਦਰੱਖ਼ਤਾਂ ਦੇ ਨਾਲ-ਨਾਲ 400 ਕਿਸਮ ਦੇ ਗੁਲਾਬ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਬੂਟਿਆਂ ਸਮੇਤ ਗੁਲਾਬ ਦੇ ਬੂਟੇ ਬੰਗਲੋਰ, ਦੇਹਰਾਦੂਨ, ਮਲੇਰਕੋਟਲਾ ਆਦਿ ਤੋਂ ਮੰਗਵਾਏ ਗਏ ਹਨ। ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਚੰਦਨ ਦੇ ਬੂਟੇ ਮੁਹੱਈਆ ਕਰਵਾਏ ਹਨ। ਡਾ. ਜਸਵਿੰਦਰ ਸਿੰਘ ਬਿਲਗਾ ਵੱਲੋਂ ਰਾਏ ਅਤੇ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਗੁਲਾਬ ਦੇ ਬੂਟਿਆਂ ਵਿਚ ਲਾਲ, ਗੁਲਾਬੀ ਜਾਮਨੀ, ਚਿੱਟਾ, ਸੰਤਰੀ, ਪੀਲਾ, 2 ਰੰਗਾਂ, ਹਰਾ, ਕਾਲਾ ਆਦਿ ਵੱਖ-ਵੱਖ ਰੰਗਾਂ ਦੀਆਂ ਕਿਸਮਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਸ ਦੀ ਦਿੱਖ ਵਿਲੱਖਣ ਹੋਵੇਗੀ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਭੁਪਿੰਦਰ ਸਿੰਘ ਅਸੰਧ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਭਗਵੰਤ ਸਿੰਘ ਸਿਆਲਕਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਗੁਰਮੀਤ ਸਿੰਘ ਬੂਹ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸੁਖਮਿੰਦਰ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਵਿੰਦਰਪਾਲ ਸਿੰਘ, ਸ. ਇੰਦਰਪਾਲ ਸਿੰਘ ਆਦਿ ਮੌਜੂਦ ਸਨ।

# ਭਾਈ ਲੌਂਗੋਵਾਲ ਨੇ ਅਮਰੀਕਾ ਅੰਦਰ ਸਿੱਖ 'ਤੇ ਹੋਏ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਕੀਤੀ ਨਿੰਦਾ

ਅੰਮ੍ਰਿਤਸਰ- ਅਮਰੀਕਾ ਦੇ ਸੂਬੇ ਕੈਲੀਫੋਰਨੀਆ ਦੀ ਸੈਂਟਾ ਕਲਾਰਾ ਕਾਊਂਟੀ ਦੇ ਇਕ ਡਿਪਟੀ ਸ਼ੈਰਿਫ ਸ. ਸੁਖਦੀਪ ਸਿੰਘ ਗਿੱਲ 'ਤੇ ਬੰਦੂਕਧਾਰੀਆਂ ਦੁਆਰਾ ਕੀਤੇ ਗਏ ਹਮਲੇ ਦੀ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਦੇਸ਼ਾਂ ਅੰਦਰ ਸਿੱਖਾਂ 'ਤੇ ਨਸਲੀ ਹਮਲੇ ਘੱਟਗਿਣਤੀਆਂ ਅੰਦਰ ਅਸੁਰੱਖਿਆ ਦੀ ਭਾਵਨਾ ਪੈਦਾ ਕਰ ਰਹੇ ਹਨ। ਤਾਜ਼ਾ ਘਟਨਾ 'ਚ ਪੁਲਿਸ ਅਧਿਕਾਰੀ 'ਤੇ ਹੋਇਆ ਹਮਲਾ ਹੋਰ ਵੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਸਿੱਖ ਜਿਸ ਵੀ ਦੇਸ਼ ਵਿਚ ਵੱਸੇ ਹਨ ਉਥੇ ਦੇ ਵਿਕਾਸ ਵਿਚ ਅਹਿਮ ਯੋਗਦਾਨ ਪਾਇਆ ਹੈ। ਸਿੱਖ ਸਭ ਦਾ ਸਤਿਕਾਰ ਕਰਦੇ ਹਨ ਅਤੇ ਲੋੜਵੰਦਾਂ ਦੀ ਸਹਾਇਤਾ ਲਈ ਹਮੇਸ਼ਾ ਹੀ ਤੱਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਕੁਝ ਸਿਰਫਿਰੇ ਕਿਸਮ ਦੇ ਲੋਕ ਸਿੱਖ 'ਤੇ ਅਜਿਹੇ ਨਸਲੀ ਹਮਲੇ ਕਰਦੇ ਹਨ। ਅਜਿਹੇ ਹਮਲੇ ਚਿੰਤਾਜਨਕ ਹਨ, ਜਿਸ ਪ੍ਰਤੀ ਸਬੰਧਤ ਦੇਸ਼ਾਂ ਦੀਆਂ ਸਰਕਾਰਾਂ ਨੂੰ ਯੋਗ ਕਾਰਵਾਈ ਕਰਨੀ ਚਾਹੀਦੀ ਹੈ। ਭਾਈ ਲੌਂਗੋਵਾਲ ਨੇ ਭਾਰਤ ਦੇ ਵਿਦੇਸ਼ ਮੰਤਰੀ ਨੂੰ ਵਿਦੇਸ਼ਾਂ ਵਿਚ ਹੋ ਰਹੇ ਨਸਲੀ ਹਮਲਿਆਂ ਪ੍ਰਤੀ ਸੁਚੇਤ ਹੋਣ ਲਈ ਕਹਿੰਦਿਆਂ ਵਿਦੇਸ਼ਾਂ ਵਿਚ ਵੱਸਦੇ ਸਿੱਖਾਂ ਦੀ ਜਾਨ ਮਾਲ ਦੀ ਰਾਖੀ ਲਈ ਯੋਗ ਕਦਮ ਚੁੱਕਣ ਲਈ ਕਿਹਾ।

# ਕੱਟਕ ਦੇ ਗੁਰਦੁਆਰਾ ਸਾਹਿਬ 'ਚ ਵਾਪਰੀ ਘਟਨਾ ਦੀ ਡੂੰਘਾਈ ਤੱਕ ਜਾਂਚ ਕਰੇ ਉੜੀਸਾ ਸਰਕਾਰ -ਭਾਈ ਲੌਂਗੋਵਾਲ

ਅੰਮ੍ਰਿਤਸਰ- ਉੜੀਸਾ 'ਚ ਇਤਿਹਾਸਕ ਗੁਰਦੁਆਰਾ ਗੁਰੂ ਨਾਨਕ ਦਾਤਨ ਸਾਹਿਬ ਕੱਟਕ ਵਿਖੇ ਇਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਚੁੱਕਣ ਦੀ ਕੋਸ਼ਿਸ਼ ਕਰਨ ਦੀ ਨਿਖੇਧੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉੜੀਸਾ ਸਰਕਾਰ ਨੂੰ ਇਸ ਮਾਮਲੇ ਦੀ ਡੂੰਘਾਈ ਤੱਕ ਜਾਂਚ ਕਰਨ ਦੀ ਅਪੀਲ ਕੀਤੀ ਹੈ।

ਉਨ੍ਹਾਂ ਕਿਹਾ ਕਿ ਇਹ ਘਟਨਾ ਬੇਹੱਦ ਦੁਖਮਈ ਹੈ, ਜਿਸ ਨਾਲ ਸਿੱਖ ਜਗਤ ਅੰਦਰ ਰੋਸ ਦੀ ਲਹਿਰ ਹੈ। ਦੱਸਣਯੋਗ ਹੈ ਕਿ ਲੰਘੀ 22 ਫ਼ਰਵਰੀ ਨੂੰ ਗੁਰਦੁਆਰਾ ਸਾਹਿਬ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਚੁੱਕਣ ਦੀ ਕੋਸ਼ਿਸ਼ ਕਰਦਾ ਇਕ ਵਿਅਕਤੀ ਫੜ੍ਹਿਆ ਗਿਆ ਹੈ। ਇਸ ਦੀਆਂ ਤਸਵੀਰਾਂ ਵੀ ਸੀ.ਸੀ.ਟੀ.ਵੀ. ਕੈਮਰੇ ਵਿਚ ਕੈਦ ਹੋਈਆਂ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਇਸ ਨੂੰ ਅਫ਼ਸੋਸਨਾਕ ਦੱਸਦਿਆਂ ਦੋਸ਼ੀ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਆਖਿਆ ਕਿ ਫੜ੍ਹੇ ਗਏ ਦੋਸ਼ੀ ਪਾਸੋਂ ਪੁਲਿਸ ਪ੍ਰਸਾਸਨ ਸਖ਼ਤੀ ਨਾਲ ਪੁਛਗਿਛ ਕਰੇ, ਤਾਂ ਜੋ ਇਸ ਪਿੱਛੇ ਕੰਮ ਕਰਨ ਵਾਲੀਆਂ ਸ਼ਕਤੀਆਂ ਦਾ ਪਤਾ ਲਗ ਸਕੇ। ਉਨ੍ਹਾਂ ਕਿਹਾ ਕਿ ਗੁਰਦੁਆਰਾ ਗੁਰੂ ਨਾਨਕ ਦਾਤਨ ਸਾਹਿਬ ਇਤਿਹਾਸਕ ਗੁਰਦੁਆਰਾ ਸਾਹਿਬ ਹੈ, ਜਿਥੋਂ ਸਰੂਪ ਚੁੱਕਣ ਦੀ ਘਟੀਆ ਕਰਤੂਤ ਕਰਨ ਵਾਲੇ ਲੋਕ ਬਖ਼ਸ਼ੇ ਨਹੀਂ ਜਾਣੇ ਚਾਹੀਦੇ। ਇਹ ਬੇਹੱਦ ਸੰਜੀਦਾ ਮਾਮਲਾ ਹੈ, ਜਿਸ ਦੀ ਤਹਿ ਪੜਚੋਲਣ ਲਈ ਉੜੀਸਾ ਸਰਕਾਰ ਨੂੰ ਢੁੱਕਵੀਂ ਕਰਵਾਈ ਕਰਨੀ ਚਾਹੀਦੀ ਹੈ।

ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਸ ਸਬੰਧ ਵਿਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਦਰਜ਼ ਕਰਵਾਈ ਗਈ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕੀਤੀ ਜਾਵੇ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਇਤਿਹਾਸ ਨਾਲ ਸਬੰਧਤ ਚੋਣਵੇਂ ਲੇਖਾਂ ਦੀਆਂ ਪੁਸਤਕਾਂ ਦੀ ਲੜੀ ਮੁਕੰਮਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਇਤਿਹਾਸ ਦੇ ਜਗਿਆਸੂਆਂ ਲਈ ਸਿੱਖ ਧਰਮ ਦੇ ਸਭ ਤੋਂ ਵੱਧ ਪੜ੍ਹੇ ਜਾਣ ਵਾਲੇ ਮਾਸਿਕ ਪੱਤਰ 'ਗੁਰਮਤਿ ਪ੍ਰਕਾਸ਼' ਦੇ ਚੋਣਵੇਂ ਲੇਖਾਂ ਨੂੰ 8 ਵਿਸ਼ੇਸ਼ ਪੁਸਤਕਾਂ ਰਾਹੀਂ ਸੰਗ੍ਰਹਿਤ ਕਰਨ ਦਾ ਮਹੱਤਵਪੂਰਨ ਕਾਰਜ ਕੀਤਾ ਹੈ। ਇਨ੍ਹਾਂ ਪੁਸਤਕਾਂ ਦਾ ਸੰਪਾਦਨ ਕਰਨ ਦੀ ਜ਼ੁੰਮੇਵਾਰੀ ਸਿੱਖ ਚਿੰਤਕ ਤੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਨਿਭਾਈ ਹੈ, ਜਿਨ੍ਹਾਂ ਦਾ ਸਹਿਯੋਗ ਸਿੱਖ ਇਤਿਹਾਸ ਰੀਸਰਚ ਬੋਰਡ ਦੇ ਸਕਾਲਰਾਂ ਡਾ. ਅਮਰਜੀਤ ਕੌਰ, ਡਾ. ਰਣਜੀਤ ਕੌਰ, ਪ੍ਰਿੰਸੀਪਲ ਮਨਜੀਤ ਕੌਰ, ਸ. ਸਤਿੰਦਰ ਸਿੰਘ ਤੇ ਬੀਬੀ ਕਿਰਨਦੀਪ ਕੌਰ ਵੱਲੋਂ ਕੀਤਾ ਗਿਆ ਹੈ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਇਸ ਲੜੀ ਦੀ ਅੱਠਵੀਂ ਪੁਸਤਕ 'ਦਲਿ ਭੰਜਨ ਗੁਰੁ ਸੂਰਮਾ' ਪਾਠਕਾਂ ਦੇ ਸਪੁਰਦ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜਿਥੇ ਡਾ. ਰੂਪ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀ ਸੰਪਾਦਕਾ ਦੇ ਉੱਦਮ ਦੀ ਪ੍ਰਸ਼ੰਸਾ ਕੀਤੀ, ਉਥੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਉਪਰਾਲੇ ਨਿਰੰਤਰ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ਅੰਦਰ ਪ੍ਰਮਾਣਿਕ ਸਿੱਖ ਇਤਿਹਾਸ ਨੂੰ ਪਾਠਕਾਂ ਤੱਕ ਪਹੁੰਚਾਉਣਾ ਬੇਹੱਦ ਜ਼ਰੂਰੀ ਹੈ ਅਤੇ ਇਸ ਕਾਰਜ ਲਈ ਧਰਮ ਪ੍ਰਚਾਰ ਕਮੇਟੀ ਦਾ ਮਾਸਿਕ ਪੱਤਰ 'ਗੁਰਮਤਿ ਪ੍ਰਕਾਸ਼' ਦਾ ਅਹਿਮ ਰੋਲ ਨਿਭਾ ਰਿਹਾ ਹੈ। ਇਸ ਪਰਚੇ ਦੇ ਚੋਣਵੇਂ ਲੇਖਾਂ ਦੀ ਪੁਨਰ ਸੰਪਾਦਨਾ ਕਰਕੇ ਪ੍ਰਕਾਸ਼ਤ ਕਰਨ ਦਾ ਮਕਸਦ ਗੁਰ-ਇਤਿਹਾਸ ਤੇ ਸਿੱਖ ਇਤਿਹਾਸ ਦੀ ਜਾਣਕਾਰੀ ਵੱਧ ਤੋਂ ਵੱਧ ਸੰਗਤਾਂ ਤੱਕ ਪਹੁੰਚਾਉਣਾ ਹੈ।

ਪੁਸਤਕਾਂ ਦੇ ਮੁੱਖ ਸੰਪਾਦਕ ਡਾ. ਰੂਪ ਸਿੰਘ ਨੇ ਕਿਹਾ ਕਿ ਪਿਛਲੇ 63 ਸਾਲਾਂ ਤੋਂ ਧਰਮ ਪ੍ਰਚਾਰ ਕਮੇਟੀ ਵੱਲੋਂ ਨਿਰੰਤਰ ਪ੍ਰਕਾਸ਼ਿਤ ਕੀਤੇ ਜਾ ਰਹੇ ਗੁਰਮਤਿ ਪ੍ਰਕਾਸ਼ ਮੈਗਜ਼ੀਨ ਨੇ ਸੰਗਤ ਨੂੰ ਗੁਰਮਤਿ ਸਿਧਾਂਤਾਂ, ਇਤਿਹਾਸ ਅਤੇ ਗੁਰਬਾਣੀ ਦੀ ਵਿਚਾਰਧਾਰਾ ਨਾਲ ਜੋੜਨ ਲਈ ਕੀਰਤੀਮਾਨ ਸਥਾਪਤ ਕੀਤਾ ਹੈ। ਇਹ ਸਭ ਤੋਂ ਵੱਧ ਪੜ੍ਹਿਆ ਜਾਣ ਵਾਲਾ ਪੰਜਾਬੀ ਦਾ ਧਾਰਮਿਕ ਪਰਚਾ ਹੈ। ਇਸ ਵਿਚ ਸਿੱਖ ਕੌਮ ਦੇ ਸਿਖਰਲੇ ਵਿਦਵਾਨ ਲੇਖਕਾਂ ਦੀਆਂ ਰਚਨਾਵਾਂ ਸੰਭਾਲੀਆਂ ਹੋਈਆਂ ਹਨ। ਮੌਜੂਦਾ ਸਮੇਂ ਇਨ੍ਹਾਂ ਲਿਖਤਾਂ ਦੀ ਮਹੱਤਤਾ ਅਤੇ ਲੋੜ ਹੋਰ ਵੀ ਵਧੇਰੇ ਉਜਾਗਰ ਹੁੰਦੀ ਹੈ। ਸਮੇਂ-ਸਮੇਂ ਪ੍ਰਕਾਸ਼ਿਤ ਹੋਏ ਚੋਣਵੇਂ ਲੇਖਾਂ ਨੂੰ ਪੁਨਰ ਸੰਪਾਦਤ ਕਰਦਿਆਂ ਗੁਰਮਤਿ ਦੀ ਪਰਖ ਕਸਵੱਟੀ ਨੂੰ ਪਹਿਲ ਦਿੱਤੀ ਗਈ ਹੈ। ਸੰਪਾਦਤ ਕੀਤੀਆਂ ਅੱਠ ਪੁਸਤਕਾਂ ਵਿੱਚੋਂ ਛੇ ਪੁਸਤਕਾਂ ਗੁਰੂ ਸਾਹਿਬਾਨ ਦੇ ਇਤਿਹਾਸ ਨਾਲ ਸਬੰਧਤ ਹਨ।

ਇਸ ਤੋਂ ਇਲਾਵਾ ਦੋ ਕਿਤਾਬਾਂ ਸਿੱਖ ਸਿਧਾਂਤਾਂ, ਸੰਸਥਾਵਾਂ ਅਤੇ ਸਿੱਖ ਮੋਰਚਿਆਂ ਤੇ ਸਾਕਿਆਂ ਨਾਲ ਸਬੰਧਤ ਹਨ। ਇਤਿਹਾਸਕ ਪ੍ਰਸੰਗ ਵਿਚ ਵੱਖ-ਵੱਖ ਲੇਖਕਾਂ ਦੇ ਅਲੱਗ ਨਜ਼ਰੀਏ ਤੋਂ ਲਿਖੇ ਗਏ ਲੇਖ ਇਕ-ਇਕ ਵਿਸ਼ੇ ਨੂੰ ਵੱਖਰੇ ਵੱਖਰੇ ਪੱਖਾਂ ਤੋਂ ਸਮਝਣ ਵਿਚ ਸਹਾਈ ਹੁੰਦੇ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਪੁਸਤਕ ਲੜੀ ਤੋਂ ਸੰਗਤਾਂ ਦੇ ਨਾਲ-ਨਾਲ ਗੁਰਮਤਿ ਦੇ ਖੋਜਾਰਥੀ ਵੀ ਲਾਹਾ ਪ੍ਰਾਪਤ ਕਰਨਗੇ। ਇਹ ਇਤਿਹਾਸਕ ਕਾਰਜ ਕਰਨ ਦੀ ਪ੍ਰੇਰਣਾ ਪ੍ਰਸਿੱਧ ਵਿਚਾਰਵਾਨ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਵੱਲੋਂ ਮਿਲੀ।

ਪੁਸਤਕਾਂ ਜਾਰੀ ਕਰਨ ਮੌਕੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ ਲਹਿਰਾ, ਮੁੱਖ ਸਕੱਤਰ ਡਾ. ਰੂਪ ਸਿੰਘ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ ਤੇ ਸ. ਸੁਖਮਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਦਰਸ਼ਨ ਸਿੰਘ ਪੀ.ਏ., ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ

# ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੂੰ ਡਾ. ਰੂਪ ਸਿੰਘ ਵੱਲੋਂ 6 ਪੁਸਤਕਾਂ ਦਾ ਸੈੱਟ ਭੇਟ



ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਧਾਰਮਿਕ ਪਰਚੇ 'ਗੁਰਮਤਿ ਪ੍ਰਕਾਸ਼' ਦੇ ਚੋਣਵੇਂ ਲੇਖਾਂ 'ਤੇ ਅਧਾਰਿਤ ਦਸ ਗੁਰੂ ਸਾਹਿਬਾਨ ਦੇ ਜੀਵਨ ਦਰਸ਼ਨ ਸਬੰਧੀ ਡਾ. ਰੂਪ ਸਿੰਘ ਵੱਲੋਂ ਸੰਪਾਦਤ ਕੀਤੀਆਂ 6 ਪੁਸਤਕਾਂ ਦਾ ਸੈੱਟ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੂੰ ਭੇਟ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਿੰਘ ਸਾਹਿਬ ਨੂੰ ਪੁਸਤਕਾਂ ਭੇਟ ਕਰਨ ਸਮੇਂ ਸਿੱਖ ਕੌਮ ਦੇ ਨਾਮਵਰ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਵੀ ਮੌਜੂਦ ਸਨ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਡਾ. ਰੂਪ ਸਿੰਘ ਦੇ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਦਸ ਗੁਰੂ ਸਾਹਿਬਾਨ ਦੇ ਜੀਵਨ ਬਾਰੇ ਬੀਤੇ 60 ਸਾਲ ਦੇ ਸਮੇਂ ਦੌਰਾਨ ਵੱਖ-ਵੱਖ ਵਿਦਵਾਨਾਂ ਵੱਲੋਂ ਲਿਖੇ ਗਏ ਲੇਖਾਂ ਨੂੰ ਮੁੜ ਸੰਪਾਦਤ ਕਰਕੇ ਕਿਤਾਬੀ ਰੂਪ ਵਿਚ ਸੰਭਾਲਣਾ ਸੰਗਤਾਂ ਅਤੇ ਖਾਸਕਰ ਗੁਰਮਤਿ ਦੇ ਖੋਜਾਰਥੀਆਂ ਲਈ ਲਾਹੇਵੰਦਾ ਹੈ। ਉਨ੍ਹਾਂ ਕਿਹਾ ਕਿ ਇਹ ਪੁਸਤਕਾਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਸਾਬਤ ਹੋਣਗੀਆਂ।

ਇਸ ਮੌਕੇ ਭਾਈ ਪਿੰਦਰਪਾਲ ਸਿੰਘ ਨੇ ਕਿਹਾ ਕਿ ਇਕ ਵਿਦਵਾਨ ਵੱਲੋਂ ਆਪਣੀ ਕ੍ਰਿਤ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਅਸਥਾਨ ਦੇ ਮੁੱਖ ਗ੍ਰੰਥੀ ਸਾਹਿਬ ਨੂੰ ਭੇਟਾ ਕਰਨੀ ਨਿਮਰਤਾ ਤੇ ਸ਼ਰਧਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ 6 ਪੁਸਤਕਾਂ ਅੰਦਰ 550 ਦੇ ਕਰੀਬ ਲੇਖਾਂ ਨੂੰ ਸੰਪਾਦਤ ਕਰਨਾ ਇਕ ਵਡਮੁੱਲਾ ਕਾਰਜ ਹੈ, ਜਿਸ ਲਈ ਡਾ. ਰੂਪ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀ ਪ੍ਰਸ਼ੰਸਾ ਦੇ ਹੱਕਦਾਰ ਹਨ।

ਇਸ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਡਾ. ਰੂਪ ਸਿੰਘ, ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਅਤੇ ਪੁਸਤਕਾਂ 'ਚ ਸੰਪਾਦਕੀ ਸਹਿਯੋਗ ਦੇਣ ਵਾਲੇ ਸਕਾਲਰ ਸ. ਸਤਵਿੰਦਰ ਸਿੰਘ ਫੂਲਪੁਰ ਸੰਪਾਦਕ ਗੁਰਮਤਿ ਪ੍ਰਕਾਸ਼, ਡਾ. ਅਮਰਜੀਤ ਕੌਰ, ਡਾ. ਰਣਜੀਤ ਕੌਰ ਪੰਨਵਾਂ, ਪ੍ਰਿੰਸੀਪਲ ਮਨਜੀਤ ਕੌਰ, ਬੀਬੀ ਕਿਰਨਦੀਪ ਕੌਰ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਗੁਰਬਚਨ ਸਿੰਘ ਲੇਹਲ, ਭਾਈ ਹਰਮਿੱਤਰ ਸਿੰਘ ਕਥਾਵਾਚਕ ਆਦਿ ਮੌਜੂਦ ਸਨ।

# ਦੇਸ਼ ਅੰਦਰ ਘੱਟ-ਗਿਣਤੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ-ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦਿੱਲੀ 'ਚ ਵਾਪਰੀਆਂ ਹਿੰਸਕ ਘਟਨਾਵਾਂ 'ਤੇ ਜਤਾਈ ਚਿੰਤਾ

ਅੰਮ੍ਰਿਤਸਰ- ਦਿੱਲੀ ਅੰਦਰ ਹਿੰਸਕ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਹੈ ਕਿ ਇਸ ਮਾਮਲੇ ਵਿਚ ਜਿਥੇ ਸਰਕਾਰਾਂ ਨੂੰ ਸੰਜੀਦਾ ਭੂਮਿਕਾ ਨਿਭਾਉਣੀ ਚਾਹੀਦੀ ਹੈ, ਉਥੇ ਹੀ ਦਿੱਲੀ ਵਾਸੀਆਂ ਨੂੰ ਵੀ ਸ਼ਾਂਤੀ ਦੇ ਰਾਹ 'ਤੇ ਅੱਗੇ ਵਧਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੇਸ਼ ਅੰਦਰ ਘਟਗਿਣਤੀਆਂ ਦੀ ਸੁਰੱਖਿਆ ਦੀ ਵਕਾਲਤ ਕਰਦਿਆਂ ਕਿਹਾ ਕਿ ਦੇਸ਼ ਅੰਦਰ ਹਰ ਵਰਗ ਦੇ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਵੇ। ਭਾਈ ਲੌਂਗੋਵਾਲ ਨੇ ਆਖਿਆ ਕਿ ਦੇਸ਼ ਦੀ ਰਾਜਧਾਨੀ ਅੰਦਰ ਹਿੰਸਕ ਮਾਹੌਲ ਬੇਹੱਦ ਚਿੰਤਾਜਨਕ ਹੈ। ਇਸ ਦੌਰਾਨ ਦੋ ਦਰਜਨ ਤੋਂ ਵੱਧ ਮਨੁੱਖੀ ਜਾਨਾਂ ਦਾ ਚਲੇ ਜਾਣਾ ਮਨੁੱਖਤਾ ਨੂੰ ਸ਼ਰਮਸ਼ਾਰ ਕਰਨ ਵਾਲਾ ਹੈ। ਇਸ ਵਰਤਾਰੇ ਨੂੰ ਰੋਕਣਾ ਸਰਕਾਰਾਂ ਦੇ ਨਾਲ-ਨਾਲ ਸਾਡੀ ਸਭ ਦੀ ਜ਼ੁੰਮੇਵਾਰੀ ਬਣਦੀ ਹੈ। ਮਨੁੱਖਤਾ ਦੀ ਪਰਿਭਾਸ਼ਾ ਅਤੇ ਧਰਮ ਦੀਆਂ ਕਦਰਾਂ-ਕੀਮਤਾਂ ਅਜਿਹੀਆਂ ਹਿੰਸਕ ਕਾਰਵਾਈਆਂ ਰੋਕਣ ਲਈ ਸਹਾਈ ਹੋ ਸਕਦੀਆਂ ਹਨ। ਸਮੱਸਿਆਵਾਂ ਦਾ ਹੱਲ ਕਦੇ ਵੀ ਹਿੰਸਾ ਨਹੀਂ ਹੋ ਸਕਦਾ। ਇਹ ਸਦਾ ਹੀ ਖਤਰਨਾਕ ਰਹੀ ਹੈ ਅਤੇ ਇਸ ਦੇ ਨਤੀਜੇ ਵੀ ਭਿਆਨਕ ਹੀ ਨਿਕਲਦੇ ਹਨ। ਉਨ੍ਹਾਂ ਆਖਿਆ ਕਿ ਸਿੱਖਾਂ ਨਾਲ 1984 ਵਿਚ ਸਮੇਂ ਦੀ ਕਾਂਗਰਸ ਸਰਕਾਰ ਨੇ ਨਫ਼ਰਤੀ ਹਿੰਸਾ ਅਤੇ ਜ਼ੁਲਮੀ ਕਹਿਰ ਕੀਤਾ ਸੀ, ਜਿਸ ਨੂੰ ਅਸੀਂ ਅਜੇ ਤੱਕ ਭੁੱਲ ਨਹੀਂ ਸਕੇ। ਪੀੜਾ ਦਾ ਉਨ੍ਹਾਂ ਨੂੰ ਹੀ ਅਹਿਸਾਸ ਹੁੰਦਾ ਹੈ ਜਿਨ੍ਹਾਂ 'ਤੇ ਬੀਤਦੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਕਿਸੇ ਵੀ ਖਾਸ ਫਿਰਕੇ ਨਾਲ ਵਧੀਕੀ ਨਹੀਂ ਹੋਣੀ ਚਾਹੀਦੀ। ਇਸ ਦੇਸ਼ ਵਿਚ ਵੱਸਣ ਵਾਲਾ ਹਰ ਬਾਸ਼ਿੰਦਾ ਮਨੁੱਖੀ ਅਧਿਕਾਰਾਂ ਦਾ ਹੱਕ ਰੱਖਦਾ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਦਿੱਲੀ ਵਿਚ ਵਾਪਰੀਆਂ ਇਨ੍ਹਾਂ ਹਿੰਸਕ ਘਟਨਾਵਾਂ ਨੇ ਹਰ ਸੰਜੀਦਾ ਮਨੁੱਖ ਨੂੰ ਹਲੂਣਿਆ ਹੈ। ਅਸੀਂ ਚਾਹੁੰਦੇ ਹਾਂ ਕਿ ਦੇਸ਼ ਦੇ ਹਰ ਨਾਗਰਿਕ ਨੂੰ ਨਿਆਂ ਮਿਲੇ ਅਤੇ ਉਸ ਦੇ ਹੱਕ ਸੁਰੱਖਿਅਤ ਰਹਿਣ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਨਾਗਰਿਕਤਾ ਸੋਧ ਕਾਨੂੰਨ ਦੀ ਆੜ ਵਿਚ ਅਜਿਹਾ ਖੂਨ-ਖਰਾਬਾ ਦੇਸ਼ ਲਈ ਨੁਕਸਾਨਦਾਇਕ ਹੈ। ਭਾਈ ਲੌਂਗੋਵਾਲ ਨੇ ਦਿੱਲੀ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਾਂਤੀ ਦੀ ਵਿਵਸਥਾ ਬਣਾਈ ਰੱਖਣ ਲਈ ਭਾਈਚਾਰਕ ਕਦਰਾਂ-ਕੀਮਤਾਂ ਅਤੇ ਆਪਸੀ ਸਾਂਝਾ ਨਾ ਟੁੱਟਣ ਦੇਣ। ਉਨ੍ਹਾਂ ਦਿੱਲੀ ਸਥਿਤ ਗੁਰਦੁਆਰਾ ਕਮੇਟੀਆਂ ਨੂੰ ਅੱਗੇ ਹੋ ਕੇ ਸ਼ਾਂਤੀ ਭਰਪੂਰ ਮਾਹੌਲ ਬਣਾਉਣ ਅਤੇ ਪੀੜਤਾਂ ਦੀ ਮੱਦਦ ਕਰਨ ਦੀ ਵੀ ਅਪੀਲ ਕੀਤੀ।

# ਨੇਪਾਲ ਦੇ ਰਾਜਾ ਸ੍ਰੀ ਗਿਆਨੇਂਦਰਾ ਬੀਰ ਬਿਕਰਮ ਸ਼ਾਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ- ਨੇਪਾਲ ਦੇ ਰਾਜਾ ਸ੍ਰੀ ਗਿਆਨੇਂਦਰਾ ਬੀਰ ਬਿਕਰਮ ਸ਼ਾਹ ਨੇ ਆਪਣੇ ਪਰਿਵਾਰ ਸਮੇਤ ਰੂਹਾਨੀ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕੜਾਹ ਪ੍ਰਸ਼ਾਦ ਦੀ ਦੇਗ ਕਰਵਾਈ ਅਤੇ ਰੁਮਾਲਾ ਸਾਹਿਬ ਵੀ ਭੇਟ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗਿਆਨੇਂਦਰਾ ਬੀਰ ਬਿਕਰਮ ਸ਼ਾਹ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਅਤੇ ਪਤਾਸਿਆਂ ਦਾ ਪ੍ਰਸ਼ਾਦ ਦਿੱਤਾ ਗਿਆ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਰਕਰਮਾ ਕਰਦਿਆਂ ਨੇਪਾਲ ਦੇ ਰਾਜਾ ਨੇ ਇਤਿਹਾਸ ਜਾਨਣ ਵਿਚ ਵਿਸ਼ੇਸ਼ ਰੁਚੀ ਦਿਖਾਈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਇਤਿਹਾਸਕ ਮਹੱਤਵ ਦੇ ਨਾਲ-ਨਾਲ ਲੰਗਰ ਪ੍ਰਥਾ ਬਾਰੇ ਜਾਣਕਾਰੀ ਦਿੱਤੀ। ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ ਨੇ ਪਰਕਰਮਾ ਅੰਦਰ ਸਥਿਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਇਤਿਹਾਸ ਤੋਂ ਵੀ ਉਨ੍ਹਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ਼ਰਧਾ ਵਜੋਂ 1 ਲੱਖ ਰੁਪਏ ਭੇਟ ਕੀਤੇ।

ਇਸੇ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਵੀ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਸਿਰੋਪਾਓ ਅਤੇ ਧਾਰਮਿਕ ਪੁਸਤਕਾਂ ਨਾਲ ਸ਼੍ਰੋਮਣੀ ਕਮੇਟੀ ਨੇ ਸਨਮਾਨਿਤ ਕੀਤਾ। ਨੇਪਾਲ ਦੇ ਰਾਜਾ ਨੇ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆ ਕੇ ਉਨ੍ਹਾਂ ਨੂੰ ਪ੍ਰਸੰਨਤਾ ਹਾਸਲ ਹੋਈ ਹੈ। ਇਹ ਗੌਰਵਸ਼ਾਲੀ ਅਨੁਭਵ ਹੈ। ਉਨ੍ਹਾਂ ਕਿਹਾ ਕਿ ਨੇਪਾਲ ਅੰਦਰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਪਣੇ ਮੁਬਾਰਕ ਚਰਨ ਪਾਏ ਸਨ, ਇਸ ਲਈ ਨੇਪਾਲ ਦਾ ਸਿੱਖਾਂ ਨਾਲ ਰਿਸ਼ਤਾ ਸਦੀਆ ਪੁਰਾਣਾ ਹੈ। ਉਨ੍ਹਾਂ ਸਿੱਖ ਕੌਮ ਦੇ ਸੇਵਾ ਦੇ ਸਿਧਾਂਤ ਦੀ ਸ਼ਲਾਘਾ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਉਨ੍ਹਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰਦੁਆਰਾ ਨਾਨਕ ਮੱਠ ਕਾਠਮੰਡੂ ਦੀ ਜ਼ਮੀਨ ਨੂੰ ਕਬਜ਼ਾਧਾਰਕਾਂ ਤੋਂ ਮੁਕਤ ਕਰਵਾਉਣ ਦੀ ਅਪੀਲ ਕੀਤੀ, ਜਿਸ 'ਤੇ ਸ੍ਰੀ ਗਿਆਨੇਂਦਰਾ ਬੀਰ ਬਿਕਰਮ ਸ਼ਾਹ ਨੇ ਕਿਹਾ ਕਿ ਉਹ ਇਸ ਮਾਮਲੇ ਨੂੰ ਖਾਸ ਅਹਿਮਤ ਦੇਣਗੇ। ਡਾ. ਰੂਪ ਸਿੰਘ ਨੇ ਉਨ੍ਹਾਂ ਨੂੰ ਜਾਣਕਾਰੀ ਦਿੱਤੀ ਕਿ ਗੁਰੂ ਸਾਹਿਬ ਦੇ ਇਤਿਹਾਸਕ ਅਸਥਾਨ ਦੀ 500 ਏਕੜ ਦੇ ਕਰੀਬ ਜ਼ਮੀਨ ਹੈ। ਇਹ ਗੁਰਦੁਆਰਾ ਸਾਹਿਬ ਦੇ ਕਾਰਜਾਂ ਲਈ ਕੰਮ ਆਉਣੀ ਚਾਹੀਦੀ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਜਥੇਦਾਰ ਹਰਬੰਸ ਸਿੰਘ ਮੰਝਪੁਰ, ਮੈਨੇਜਰ ਸ. ਮੁਖਤਾਰ ਸਿੰਘ, ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਬਘੇਲ ਸਿੰਘ, ਸ. ਨਿਸ਼ਾਨ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਅਕਾਲ ਪ੍ਰਕਾਸ਼ ਪਿੰਡ ਸੇਰਪੁਰ ਵਿਖੇ ਗੁਰਮਤਿ ਸਮਾਗਮ ਕਰਵਾਇਆ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਮਾਲਵਾ ਜੋਨ ਵੱਲੋਂ ਵੱਖ ਵੱਖ ਥਾਵਾਂ ਤੇ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਤਹਿਤ ਗੁਰਦੁਆਰਾ ਅਕਾਲ ਪ੍ਰਕਾਸ਼ ਪਿੰਡ ਸੇਰਪੁਰ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਗੁਰਮਤਿ ਸਮਾਗਮ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਤੋਂ ਆਈ ਨਾਟਕ ਟੀਮ ਨੇ ਸਿੱਖ ਇਤਿਹਾਸ ਨੂੰ ਰੂਪਮਾਨ ਕਰਦਾ ਨਾਟਕ ਖ਼ਾਲਸਾ ਮੇਰੋ ਰੂਪ ਹੈ ਖਾਸ ਸੰਗਤਾਂ ਸਾਹਮਣੇ ਪੇਸ਼ ਕੀਤਾ। ਸੰਗਤਾਂ ਲਈ ਇਹ ਨਾਟਕ ਖਿਚ ਦਾ ਕੇਂਦਰ ਰਿਹਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਦੀਪ ਸਿੰਘ ਟਿੱਬਾ ਨੇ ਸੰਗਤਾਂ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਕਰਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨੁ ਦੀ ਪ੍ਰੇਰਨਾ ਕੀਤੀ। ਰਾਤ 8-30 ਤੋਂ 11 ਵਜੇ ਤੱਕ ਚੱਲੇ ਇਸ ਗੁਰਮਤਿ ਸਮਾਗਮ ਵਿਚ ਵੱਡੀ ਗਿਣਤੀ 'ਚ ਪਹੁੰਚ ਕੇ ਸੰਗਤਾਂ ਨੇ ਲਾਹਾ ਲਿਆ। ਸੰਗਤਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਜਾ ਰਹੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਸਮੇਂ-ਸਮੇਂ ਅਜਿਹੇ ਸਮਾਗਮ ਕਰਦੇ ਰਹਿਣ ਦੀ ਅਪੀਲ ਵੀ ਕੀਤੀ।



ਗੁਰਦੁਆਰਾ ਸਿੰਘ ਸਭਾ ਬੁਗਲਾਂਵਾਲੀ ਜ਼ਿਲ੍ਹਾ ਹਨੂੰਮਾਨਗੜ੍ਹ ਰਾਜਿਸਤਾਨ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।

## ਗੁ: ਬਾਬਾ ਬੁੱਢਾ ਜੀ ਤੇਜਾ ਕਲਾਂ ਵਿਖੇ ਗੁਰਮਤਿ ਸਮਾਗਮ



ਤੇਜਾ ਕਲਾਂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਧਰਮ ਪ੍ਰਚਾਰ ਲਹਿਰ ਤਹਿਤ ਹੋਲੇ ਮਹੱਲੇ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜੋਗਿੰਦਰ ਕੌਰ ਦੇ ਜਤਨਾ ਨਾਲ ਗੁਰਦੁਆਰਾ ਬਾਬਾ ਬੁੱਢਾ ਜੀ ਤੇਜਾ ਕਲਾਂ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਿੰਘਾਂ ਵੱਖ-ਵੱਖ ਪਿੰਡਾਂ ਵਿਚ ਸਮਾਗਮ ਕਰਕੇ ਸੰਗਤਾਂ ਨੂੰ ਅੰਮ੍ਰਿਤ ਛੱਕਣ ਲਈ ਪ੍ਰੇਰਨਾ ਕੀਤੀ। ਗੁਰਮਤਿ ਸਮਾਗਮ ਸਮੇਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 87 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਮਾਗਮ ਦੀ ਸਫਲਤਾ ਲਈ ਗੁਰਦੁਆਰਾ ਬਾਬਾ ਬੁੱਢਾ ਜੀ ਤੇਜਾ ਕਲਾਂ ਦੇ ਮੈਨੇਜਰ ਸ. ਨਿਸ਼ਾਨ ਸਿੰਘ ਤੇ ਸਟਾਫ ਵੱਲੋਂ ਅਹਿਮ ਯੋਗਦਾਨ ਪਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਦੀਪ ਸਿੰਘ, ਭਾਈ ਗੁਰਵਿੰਦਰ ਸਿੰਘ ਵੜੈਚ, ਭਾਈ ਹਿੰਮਤਬੀਰ ਸਿੰਘ, ਭਾਈ ਕੁਲਬੀਰ ਸਿੰਘ, ਢਾਡੀ ਭਾਈ ਸ਼ਮਸ਼ੇਰ ਸਿੰਘ ਮਿਸ਼ਰਪੁਰਾ, ਕਵੀਸ਼ਰ ਭਾਈ ਰਣਜੋਧ ਸਿੰਘ ਖੋਦੇ ਬਾਂਗਰ ਤੇ ਭਾਈ ਸੁੱਚਾ ਸਿੰਘ ਡੇਰਾ ਪਠਾਣਾਂ ਨੇ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ।



ਧਰਮ ਪ੍ਰਚਾਰ ਕਮੇਟੀ ਦੇ ਮਾਲਵਾ ਜੋਨ ਵੱਲੋਂ ਪਿੰਡ ਜੋਧਪੁਰ ਜ਼ਿਲ੍ਹਾ ਬਰਨਾਲਾ ਵਿਖੇ 7 ਫਰਵਰੀ 2020 ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਮੌਕੇ 32 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

## ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ 'ਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ




ਅੰਮ੍ਰਿਤਸਰ- ਸੰਨ 1921 ਵਿਚ ਵਾਪਰੇ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਕੇ ਦੀ ਯਾਦ ਵਿਚ ਬਣੇ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਪੁਤਲੀਘਰ ਇਲਾਕੇ ਅੰਦਰ ਸਥਿਤ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਵਿਖੇ ਸ਼ਹੀਦਾਂ ਦੀ ਯਾਦ ਵਿਚ ਸਜਾਏ ਗਏ ਗੁਰਮਤਿ ਸਮਾਗਮ ਵਿਚ ਵੱਖ-ਵੱਖ ਬੁਲਾਰਿਆਂ ਨੇ ਸਾਕਾ ਨਨਕਾਣਾ ਸਾਹਿਬ ਦੇ ਇਤਿਹਾਸ ਸਬੰਧੀ ਚਾਨਣਾ ਪਾਇਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਈ ਵਿਚਾਰਧਾਰਾ ਅਤੇ ਸਿਧਾਂਤਾਂ 'ਤੇ ਚੱਲ ਕੇ ਸ਼ਹਾਦਤਾਂ ਦੇਣ ਵਾਲੇ ਯੋਧਿਆਂ ਨਾਲ ਸਿੱਖ ਇਤਿਹਾਸ ਭਰਿਆ ਪਿਆ ਹੈ। ਉਨ੍ਹਾਂ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸਿੱਖ ਇਤਿਹਾਸ ਦੇ ਇਨ੍ਹਾਂ ਪੰਨਿਆਂ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਨੇ ਵੀ ਸੰਬੋਧਨ ਕੀਤਾ। ਸਮਾਗਮ ਦੌਰਾਨ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਵੱਲੋਂ ਧੰਨਵਾਦ ਕੀਤਾ ਗਿਆ।

ਇਸ ਮੌਕੇ ਭਾਈ ਗੁਰਦੇਵ ਸਿੰਘ ਸਿਡਨੀ ਨੂੰ ਪ੍ਰਿੰਸੀਪਲ ਗੰਗਾ ਸਿੰਘ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਜਦਕਿ ਸਮਾਗਮ ਦੌਰਾਨ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਇਸ ਤੋਂ ਪਹਿਲਾਂ ਕਾਲਜ ਦੇ ਵਿਦਿਆਰਥੀਆਂ ਅਤੇ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵੀ ਗੁਰਮਤਿ ਸਮਾਗਮ ਕੀਤਾ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਭਾਈ ਅਨੰਦ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਪ੍ਰੇਮ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

ਸਾਕਾ ਨਨਕਾਣਾ ਸਾਹਿਬ ਸਬੰਧੀ ਕਰਵਾਏ ਗਏ ਇਨ੍ਹਾਂ ਸਮਾਗਮਾਂ ਦੌਰਾਨ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਰਾਮ ਸਿੰਘ, ਬੀਬੀ ਕਿਰਨਜੋਤ ਕੌਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਮੈਨੇਜਰ ਸ. ਮੁਖਤਾਰ ਸਿੰਘ, ਭਾਈ ਮਲਕੀਤ ਸਿੰਘ ਹੈੱਡ ਗ੍ਰੰਥੀ, ਪ੍ਰਿੰਸੀਪਲ ਮਨਜੀਤ ਕੌਰ, ਭਾਈ ਜਸਵੰਤ ਸਿੰਘ ਹਜ਼ੂਰੀ ਰਾਗੀ, ਡਾ. ਅਮਰਜੀਤ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜੋਗਿੰਦਰ ਸਿੰਘ ਅਦਲੀਵਾਲ, ਗਿਆਨੀ ਗੁਰਬਖ਼ਸ਼ ਸਿੰਘ ਗੁਲਸ਼ਨ, ਪ੍ਰੋ. ਰਵੇਲ ਸਿੰਘ, ਸ. ਗੁਰਿੰਦਰਪਾਲ ਸਿੰਘ ਠਰੂ, ਪ੍ਰੋ. ਸੁਰਜੀਤ ਸਿੰਘ, ਪ੍ਰੋ. ਕੁਲਰਾਜ ਸਿੰਘ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਨਿਰਵੈਲ ਸਿੰਘ, ਸ. ਗੁਰਚਰਨ ਸਿੰਘ ਕੋਹਾਲਾ, ਸ. ਲਖਬੀਰ ਸਿੰਘ, ਸ. ਪਲਵਿੰਦਰ ਸਿੰਘ ਚਿੱਟਾ, ਸ. ਜਸਪਾਲ ਸਿੰਘ ਢੱਡੇ, ਸ. ਨਿਸ਼ਾਨ ਸਿੰਘ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਆਯੋਜਿਤ




ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਾਹਦਰ ਸਾਹਿਬ ਦੀ 400 ਸਾਲਾ ਪ੍ਰਕਾਸ਼ ਗੁਰਪੁਰਬ ਸ਼ਤਾਬਦੀ ਅਤੇ ਬਾਬਾ ਦੀਪ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਨਗਰ ਦੀਆਂ ਸੰਗਤਾਂ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਬਹਿੜਵਾਲ ਵਿਖੇ ਹੋਏ ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਿਆ। ਉਨ੍ਹਾਂ ਗੁਰਮਤਿ ਸਿਧਾਂਤਾਂ ਦੀ ਰੌਸ਼ਨੀ ਵਿਚ ਸੰਗਤ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ ਅਤੇ ਨੌਜੁਆਨਾਂ ਤੇ ਬੱਚਿਆਂ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂ ਕਰਵਾਉਣ ਦੀ ਜ਼ੁੰਮੇਵਾਰੀ ਨਿਭਾਉਣ ਲਈ ਮਾਪਿਆਂ ਨੂੰ ਅੱਗੇ ਆਉਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਉਂਕਾਰ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਹੀਰਾ ਸਿੰਘ ਕੋਮਲ ਦੇ ਕਵੀਸ਼ਰੀ ਜਥੇ ਨੇ ਸੰਗਤ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਇਤਿਹਾਸ ਦਾ ਪ੍ਰਸੰਗ ਸਰਵਣ ਕਰਵਾਇਆ।

ਇਸ ਤੋਂ ਇਲਾਵਾ ਭਾਈ ਮਨਵੀਰ ਸਿੰਘ ਪਹੂਵਿੰਡ ਦੇ ਢਾਡੀ ਜਥੇ ਭਾਈ ਚਾਨਣ ਸਿੰਘ ਬੀ.ਏ. ਤੇ ਭਾਈ ਹੀਰਾ ਸਿੰਘ ਵਾਂ ਦੇ ਕਵੀਸ਼ਰੀ ਜਥੇ ਨੇ ਵੀ ਹਾਜ਼ਰੀ ਭਰੀ। ਸਟੇਜ ਦੀ ਸੇਵਾ ਭਾਈ ਗੁਰਲਾਲ ਸਿੰਘ ਪ੍ਰਚਾਰਕ ਨੇ ਨਿਭਾਈ। ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਨਗਰ ਦੇ ਸਰਪੰਚ ਸ. ਦਲੇਰ ਸਿੰਘ, ਨੰਬਰਦਾਰ ਸ. ਪੰਜਾਬ ਸਿੰਘ ਤੇ ਹੋਰਾਂ ਨੇ ਸਾਂਝੇ ਤੌਰ 'ਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਤੇ ਰਾਗੀ, ਢਾਡੀ ਤੇ ਕਵੀਸ਼ਰ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਦੌਰਾਨ 17 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤਪਾਨ ਕੀਤਾ, ਜਿਸ ਲਈ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਦਰਸ਼ਨ ਸਿੰਘ, ਸ. ਗੁਰਪ੍ਰੀਤ ਸਿੰਘ, ਸ. ਕਸ਼ਮੀਰ ਸਿੰਘ ਸੰਧੂ, ਸ. ਲਖਬੀਰ ਸਿੰਘ ਮੈਨੇਜਰ, ਸ. ਕੁਲਦੀਪ ਸਿੰਘ, ਸ. ਮੁਖਤਾਰ ਸਿੰਘ, ਸ. ਸੁਖਚੈਨ ਸਿੰਘ, ਸ. ਮਿਲਖਾ ਸਿੰਘ ਸਰਪੰਚ, ਸ. ਰਸਾਲ ਸਿੰਘ, ਸ. ਦਲੀਪ ਸਿੰਘ ਫ਼ੌਜੀ, ਸ. ਮੇਜਰ ਸਿੰਘ, ਭਾਈ ਗੁਰਬਚਨ ਸਿੰਘ ਕਲਸੀਆਂ ਆਦਿ ਮੌਜੂਦ ਸਨ।

## ਹਲਕਾ ਅਮਰਗੜ੍ਹ ਦੇ ਪਿੰਡ ਈਸੀ ਵਿਖੇ ਦਸਤਾਰ ਮੁਕਾਬਲੇ ਕਰਵਾਏ



ਧੂਰੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਹਲਕਿਆਂ ਵਿਚ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ ਦੇ ਵਿਸ਼ੇਸ ਜਤਨ ਨਾਲ ਪਿੰਡ ਈਸੀ (ਧੂਰੀ) ਹਲਕਾ ਅਮਰਗੜ੍ਹ ਵਿਖੇ ਬੱਚਿਆਂ ਦੇ ਦਸਤਾਰ ਮੁਕਾਬਲੇ ਅਤੇ ਸ਼ਾਮ ਨੂੰ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਇਸ ਮੌਕੇ ਵਿਸ਼ੇਸ ਤੌਰ ਤੇ ਪਹੁੰਚੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ ਨੇ ਗੁਰ-ਇਤਿਹਾਸ ਦੀ ਵੀਚਾਰ ਕਰਦਿਆਂ ਸੰਗਤਾਂ ਨੂੰ ਆਪਣੇ ਬੱਚਿਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਜੀਵਨ ਅਤੇ ਸਿੱਖ ਇਤਿਹਾਸ ਸਾਨੂੰ ਚੰਗੇਰੇ ਜੀਵਨ ਦੀ ਪ੍ਰੇਰਨਾ ਕਰਦਾ ਹੈ। ਸਾਨੂੰ ਸਾਰਿਆਂ ਨੂੰ ਆਪਣੇ ਬੱਚਿਆਂ ਨੂੰ ਆਪਣੇ ਅਮੀਰ ਇਤਿਹਾਸ ਤੋਂ ਜਾਣੂ ਕਰਾਉਣਾ ਚਾਹੀਦਾ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਚਰਨਪ੍ਰੀਤ ਸਿੰਘ ਮਾਹੋਰਾਣਾ ਵੱਲੋ ਵੀ ਸੰਗਤਾ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ। ਸਮਾਪਤੀ ਸਮੇਂ ਦਸਤਾਰ ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਭੁਪਿੰਦਰ ਸਿੰਘ ਭਲਵਾਨ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ।

## ਹਲਕਾ ਬਟਾਲਾ ਦੇ ਕਸਬਾ ਕਾਦੀਆਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਕਾਦੀਆਂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਬਟਾਲਾ ਤੋਂ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਦੇ ਵਿਸ਼ੇਸ ਉਪਰਾਲੇ ਨਾਲ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਕਾਦੀਆਂ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਜੀਤ ਸਿੰਘ ਕਾਦੀਆਂ, ਭਾਈ ਸਿਮਰਨਜੀਤ ਸਿੰਘ, ਭਾਈ ਗੁਰਮੁੱਖ ਸਿੰਘ, ਭਾਈ ਬਲਬੀਰ ਸਿੰਘ ਸੇਖਵਾਂ ਤੇ ਕਵੀਸ਼ਰ ਭਾਈ ਤਰਸੇਮ ਸਿੰਘ ਸੇਖਵਾਂ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਏ ਪੰਜ ਪਿਆਰੇ ਸਹਿਬਾਨ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 24 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਸਮਾਗਮ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੀਬੀ ਬਲਵੰਤ ਕੌਰ ਮੈਮੋਰੀਅਲ ਸਕੂਲ ਵਿਖੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ




ਸੁਲਤਾਨਪੁਰ ਲੋਧੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੀਬੀ ਬਲਵੰਤ ਕੌਰ ਮੈਮੋਰੀਅਲ ਸਕੂਲ, ਸੁਲਤਾਨਪੁਰ ਲੋਧੀ ਵਿਖੇ ਬੱਚਿਆਂ ਦੇ ਧਾਰਮਿਕ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮਾਝਾ ਜੋਨ ਦੇ ਇੰਚਾਰਜ ਭਾਈ ਹਰਜੀਤ ਸਿੰਘ ਨੇ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ ਅਤੇ ਸਿਖਿਆਵਾਂ ਸਬੰਧੀ ਬੱਚਿਆਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਬੱਚਿਆਂ ਕੋਲੋਂ ਸਿੱਖ ਇਤਿਹਾਸ ਨਾਲ ਸਬੰਧਤ ਸਵਾਲ ਪੁੱਛੇ ਗਏ ਜਿਨ੍ਹਾਂ ਦੇ ਬੱਚਿਆਂ ਨੇ ਭਾਵਪੂਰਤ ਜਵਾਬ ਦਿੱਤੇ। ਇਸ ਮੌਕੇ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਮੁੱਖ ਮਹਿਮਾਨ ਵਜੋਂ ਪੁੱਜੇ ਚੇਅਰਮੈਨ ਜੈਪਾਲ ਸਿੰਘ ਯੂ.ਕੇ., ਸ. ਗੁਰਦਿਆਲ ਸਿੰਘ ਯੂ.ਕੇ., ਬਲਾਕ ਸਿੱਖਿਆ ਅਫਸਰ ਸ. ਸੰਤੋਖ ਸਿੰਘ ਰਾਣਾ ਅਤੇ ਮਾਝਾ ਜੋਨ ਦੇ ਇੰਚਾਰਜ ਭਾਈ ਹਰਜੀਤ ਸਿੰਘ ਨੇ ਸਨਮਾਨਿਤ ਕੀਤਾ। ਪ੍ਰਿੰ: ਆਰਤੀ ਸ਼ਰਮਾ ਦੀ ਦੇਖ ਰੇਖ ਹੇਠ ਹੋਏ ਇਸ ਸਮਾਗਮ ਸਮੇਂ ਸਟੇਜ ਸੰਚਾਲਨ ਦੀ ਭੂਮਿਕਾ ਬੀਬੀ ਪ੍ਰਭਜੋਤ ਕੌਰ ਅਤੇ ਬੀਬੀ ਰਮਨਦੀਪ ਕੌਰ ਨੇ ਨਿਭਾਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਕਵੀਸ਼ਰੀ ਵੀ ਪੇਸ਼ ਕੀਤੀ ਗਈ।

# ਧਾਰਮਿਕ ਪ੍ਰੀਖਿਆ 'ਚ ਮੈਰਿਟ ਹਾਸਲ ਕਰਨ ਵਾਲੇ 117 ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ 2100-2100 ਰੁਪਏ ਦੀ ਰਾਸ਼ੀ ਦੇ ਚੈੱਕ



ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਦੀ ਨਵੰਬਰ 2018 ਵਿਚ ਲਈ ਗਈ ਧਾਰਮਿਕ ਪ੍ਰੀਖਿਆ ਦੌਰਾਨ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਏ ਸਨਮਾਨ ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ. ਗੁਰਮੀਤ ਸਿੰਘ ਬੁੱਟਰ, ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਧਾਰਮਿਕ ਪ੍ਰੀਖਿਆ ਦੇ ਇੰਚਾਰਜ ਸ. ਸੁਖਦੇਵ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਸੁਪ੍ਰਿੰਟੈਂਡੈਂਟ ਸ. ਹਰਜਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਇਹ ਸਨਮਾਨ ਦਿੱਤੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਭਾਰਤ ਅੰਦਰ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ, ਜਿਸ ਵਿੱਚੋਂ ਨਵੰਬਰ 2018 ਦੌਰਾਨ 117 ਵਿਦਿਆਰਥੀਆਂ ਨੇ 80ਫੀਸਦੀ ਤੋਂ ਵੱਧ ਅੰਕ ਲੈ ਕੇ ਮੈਰਿਟ ਵਿਚ ਸਥਾਨ ਹਾਸਲ ਕੀਤਾ ਸੀ।

ਇਨ੍ਹਾਂ 117 ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ 2100-2100 ਰੁਪਏ ਦੀ ਇਨਾਮੀ ਰਾਸ਼ੀ ਦੇ ਚੈੱਕ ਦਿੱਤੇ ਗਏ ਹਨ। ਇਸ ਤੋਂ ਇਲਾਵਾ ਪਹਿਲੇ ਸਥਾਨ ਅਤੇ ਵਿਸ਼ੇਸ਼ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਜ਼ੀਫ਼ਾ ਰਾਸ਼ੀ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਅਤੇ ਵਿਦਿਆਰਥੀਆਂ ਦੇ ਮਾਪੇ ਵੀ ਮੌਜੂਦ ਸਨ।

# ਸ਼ਹੀਦ ਬਾਬਾ ਦੀਪ ਸਿੰਘ ਜੀ ਸੀਨੀ: ਸੈਕੰ: ਸਕੂਲ ਪੱਟੀ ਵਿਖੇ ਬੱਚਿਆਂ ਨੂੰ ਕੀਤਾ ਸਨਮਾਨਿਤ



ਪੱਟੀ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਦੇ ਮਕਸਦ ਨਾਲ ਹਰ ਸਾਲ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ। ਇਸ ਪ੍ਰੀਖਿਆ ਵਿਚ ਮੈਰਿਟ ਹਾਸਲ ਕਰਨ ਵਾਲੇ ਬੱਚਿਆਂ ਨੂੰ ਜਿਥੇ ਵਜੀਫੇ ਦਿੱਤੇ ਜਾਂਦੇ ਹਨ ਉਥੇ ਪਾਸ ਹੋਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਸ਼ਹੀਦ ਬਾਬਾ ਦੀਪ ਸਿੰਘ ਜੀ ਸੀਨੀਅਰ ਸੈਕੰਡਰੀ ਸਕੂਲ ਪੱਟੀ (ਤਰਨਤਾਰਨ) ਵਿਖੇ ਧਾਰਮਿਕ ਪ੍ਰੀਖਿਆ ਚੋਂ ਵੱਧ ਨੰਬਰ ਲੈ ਕੇ ਪਾਸ ਹੋਏ ਵਿਦਿਆਰਥੀਆ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨਬਰ ਜਥੇਦਾਰ ਖੁਸ਼ਵਿੰਦਰ ਸਿੰਘ ਭਾਟੀਆ ਵੱਲੋਂ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਜਥੇਦਾਰ ਭਾਟੀਆ ਨੇ ਬੱਚਿਆਂ ਨੂੰ ਧਰਮ ਬਾਰੇ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਬਾਬਾ ਗਿਆਨ ਸਿੰਘ ਮਨਿਹਾਲਾ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਹੀਰਾ ਸਿੰਘ ਮਨਿਹਾਲਾ, ਸਕੂਲ ਦੇ ਮੁੱਖੀ ਸ. ਬਲਬੀਰ ਸਿੰਘ ਲੁਹਾਰੀਆ ਸਮੇਤ ਸਕੂਲ ਦਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਹਲਕਾ ਧਾਰੀਵਾਲ ਪਿੰਡ ਕੱਕਰ ਛੋੜ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਧਾਰੀਵਾਲ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹਲਕਾ ਧਾਰੀਵਾਲ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਦੇ ਵਿਸ਼ੇਸ ਸਹਿਯੋਗ ਨਾਲ ਪਿੰਡ ਕੱਕਰ ਛੋੜ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

ਇਸ ਗੁਰਮਤਿ ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਰਤਨ ਸਿੰਘ ਜਫਰਵਾਲ ਵੀ ਵਿਸ਼ੇਸ ਤੌਰ ਤੇ ਪਹੁੰਚੇ। ਜਥੇਦਾਰ ਜਫਰਵਾਲ ਨੇ ਸੰਬੋਧਨ ਦੌਰਾਨ ਸੰਗਤਾਂ ਨੂੰ ਅੰਮ੍ਰਿਤ ਛੱਕਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਦੀ ਦਾਤ ਬਖਸ਼ਿਸ਼ ਕਰਕੇ ਜਾਤ-ਪਾਤ ਦੇ ਵਖਰੇਵੇਂ ਨੂੰ ਦੂਰ ਕੀਤਾ ਹੈ। ਉਨ੍ਹਾਂ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀਂ ਵਡਭਾਗੇ ਹੋ ਜੋ ਅੱਜ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ ਹੋ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਰੂਪ ਸਿੰਘ ਕਲਿਆਣਪੁਰ, ਭਾਈ ਬਲਬੀਰ ਸਿੰਘ ਹਮਰਾਜਪੁਰ ਤੇ ਭਾਈ ਲੱਖਾ ਸਿੰਘ ਦੇ ਢਾਡੀ ਜਥੇ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਇਸ ਮੌਕੇ ਅੰਮ੍ਰਿਤ ਸੰਚਾਰ ਸਮਾਗਮ ਸਮੇਂ 29 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

# ਹਲਕਾ ਦੋਰਾਹਾ ਦੀਆਂ ਸੰਗਤਾਂ ਨੇ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਵਿਖੇ ਕੀਤੀ ਸੇਵਾ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਹਲਕਾ ਦੋਰਾਹਾ ਜ਼ਿਲ੍ਹਾ ਲੁਧਿਆਣਾ ਦੀਆਂ ਸੰਗਤਾਂ ਵੱਲੋਂ ਸਮੂਹਿਕ ਰੂਪ ਵਿਚ ਲੰਗਰ ਸੇਵਾ ਕੀਤੀ ਗਈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਇਥੇ ਪੁੱਜੀਆਂ, ਜਿਨ੍ਹਾਂ ਨੇ ਦੋ ਦਿਨ ਲੰਗਰ ਸੇਵਾ ਕਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸੰਗਤ ਵੱਲੋਂ ਲੰਗਰ ਲਈ ਆਟਾ, ਦਾਲਾਂ, ਚਾਵਲ, ਚਾਹ ਪੱਤੀ, ਖੰਡ, ਘਿਓ, ਰੀਫਾਇੰਡ, ਸਰੋਂ ਦਾ ਤੇਲ, ਦੇਸੀ ਘਿਓ, ਕਣਕ, ਪਿਆਜ, ਸਬਜ਼ੀਆਂ, ਮਸਾਲੇ, ਡਰਾਈ ਫਰੂਟ ਅਤੇ ਦੁੱਧ ਆਦਿ ਰਸਦਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਜਥੇਦਾਰ ਹਰਪਾਲ ਸਿੰਘ ਜੱਲ੍ਹਾ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਪਾਵਨ ਅਸਥਾਨ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਲਈ ਅਧਿਆਤਮਿਕਤਾ ਦਾ ਕੇਂਦਰ ਹੈ। ਇਥੇ ਰੋਜ਼ਾਨਾ ਲੱਖਾਂ ਸੰਗਤਾਂ ਨਤਮਸਤਕ ਹੋਣ ਲਈ ਪੁੱਜਦੀਆਂ ਹਨ। ਵੱਡੀ ਗਿਣਤੀ ਵਿਚ ਸੰਗਤਾਂ ਗੁਰੂ ਕੇ ਲੰਗਰ 'ਚ ਪ੍ਰਸ਼ਾਦਾ ਛੱਕ ਕੇ ਤ੍ਰਿਪਤ ਹੁੰਦੀਆਂ ਹਨ। ਇਥੇ ਲੰਗਰ ਸੇਵਾ ਦਾ ਸੁਭਾਅ ਗੁਰੂ ਸਾਹਿਬ ਦੀ ਬਖ਼ਸ਼ਿਸ਼ ਸਦਕਾ ਸੰਭਵ ਹੈ। ਉਨ੍ਹਾਂ ਦੱਸਿਆ ਕਿ ਹਲਕਾ ਦੋਰਾਹਾ ਦੀਆਂ ਸੰਗਤਾਂ ਹਰ ਸਾਲ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਖੇ ਸੇਵਾ ਕਰਨ ਲਈ ਪੁੱਜਦੀਆਂ ਹਨ। ਪੂਰੇ ਹਲਕੇ ਦੀਆਂ ਸੰਗਤਾਂ ਵੱਲੋਂ ਰਲ ਮਿਲ ਕੇ ਲੰਗਰ ਲਈ ਰਸਦਾਂ ਇਕੱਠੀਆਂ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਇਥੇ ਸੇਵਾ ਕਰਨ ਮਗਰੋਂ ਸੰਗਤ ਆਪਣੇ ਆਪ ਨੂੰ ਭਾਗਸ਼ਾਲੀ ਮਹਿਸੂਸ ਕਰਦੀ ਹੈ।

ਇਸ ਦੌਰਾਨ ਹਲਕਾ ਦੋਰਾਹਾ ਦੀਆਂ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਮੈਨੇਜਰ ਸ. ਮਨਜਿੰਦਰ ਸਿੰਘ ਮੰਡ, ਸ. ਮੁਖਤਾਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰਪਾਓ ਦੇ ਕੇ ਸਨਮਾਨ ਦਿੱਤਾ।

ਇਸ ਮੌਕੇ ਹਲਕਾ ਦੋਰਾਹਾ ਦੀਆਂ ਸੰਗਤਾਂ ਵਿੱਚੋਂ ਸ. ਸੁਖਵਿੰਦਰ ਸਿੰਘ, ਸ. ਜਰਨੈਲ ਸਿੰਘ, ਸ. ਗੁਰਮੇਲ ਸਿੰਘ, ਨੰਬਰਦਾਰ ਸ਼ਮਸ਼ੇਰ ਸਿੰਘ, ਸ. ਕੇਸਰ ਸਿੰਘ, ਸ. ਤਾਰਾ ਸਿੰਘ, ਸ. ਅਵਤਾਰ ਸਿੰਘ, ਸ. ਅਮਰੀਕ ਸਿੰਘ ਯੂ.ਐਸ.ਏ., ਸ. ਗੁਰਮੇਲ ਸਿੰਘ ਨੰਬਰਦਾਰ, ਸ. ਗੁਰਜੀਤ ਸਿੰਘ, ਸ. ਮਨਜੀਤ ਸਿੰਘ, ਸ. ਅਮਰਜੀਤ ਸਿੰਘ, ਸ. ਸੁਖਜੀਤ ਸਿੰਘ, ਸ. ਬੱਗਾ ਸਿੰਘ, ਬੀਬੀ ਬਲਜੀਤ ਕੌਰ, ਬੀਬੀ ਗੁਰਸ਼ਰਨ ਕੌਰ, ਸ. ਗੁਰਮੀਤ ਸਿੰਘ, ਸ. ਹਰਦੀਪ ਸਿੰਘ, ਸ. ਬਹਾਦਰ ਸਿੰਘ, ਸ. ਪ੍ਰਿਤਪਾਲ ਸਿੰਘ, ਭਾਈ ਅਜੀਤ ਸਿੰਘ, ਭਾਈ ਕੁਲਦੀਪ ਸਿੰਘ, ਸ. ਭਵਨਦੀਪ ਸਿੰਘ, ਸ. ਹਰਭਜਨ ਸਿੰਘ ਖੰਨਾ, ਸ. ਸੋਹਨ ਸਿੰਘ, ਭਾਈ ਸਤਨਾਮ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਟਾਹਲਾ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਅੰਮ੍ਰਿਤਸਰ- ਸਿੱਖ ਪੰਥ ਦੀ ਮਹਾਨ ਸਖ਼ਸ਼ੀਅਤ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਸਿੱਖ ਸੰਗਤਾਂ ਵੱਲੋਂ ਵੱਖ-ਵੱਖ ਥਾਵਾਂ ਤੇ ਸਤਿਕਾਰ ਸਹਿਤ ਮਨਾਇਆ ਗਿਆ। ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 10 ਫਰਵਰੀ ਨੂੰ ਗੁਰਦੁਆਰਾ ਟਾਹਲਾ ਸਾਹਿਬ ਵਿਖੇ ਵਿਸ਼ੇਸ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਜੇ ਦਿਵਾਨਾ ਵਿਚ ਵੱਖ-ਵੱਖ ਬੁਲਾਰਿਆਂ ਨੇ ਸੰਗਤਾਂ ਨੂੰ ਬਾਬਾ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ।

ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਤਰਸੇਮ ਸਿੰਘ ਰਾਹੀਂ ਪੁੱਜੀ ਜਾਣਕਾਰੀ ਅਨੁਸਾਰ ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਜਿਸ ਵਿਚ 60 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸਾਹਿਬਾਨ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਬਾਬਾ ਬੁੱਢਾ ਸਾਹਿਬ ਪਬਲਿਕ ਸਕੂਲ ਅਜਨਾਲਾ ਵਿਖੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ



ਹਲਕਾ ਅਜਨਾਲਾ- ਬੱਚਿਆਂ ਵਿੱਚ ਗੁਰਬਾਣੀ ਪ੍ਰਤੀ ਉਤਸ਼ਾਹ ਪੈਦਾ ਕਰਨ ਤੇ ਸਿੱਖ ਵਿਰਸੇ ਤੋਂ ਜਾਣੂ ਕਰਵਾਉਣ ਲਈ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਸ਼੍ਰੋਮਣੀ ਕਮੇਟੀ ਮੈਂਬਰ ਮਾਸਟਰ ਅਮਰੀਕ ਸਿੰਘ ਵਿਛੋਆ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਬਾਬਾ ਬੁੱਢਾ ਸਾਹਿਬ ਪਬਲਿਕ ਸਕੂਲ ਅਜਨਾਲਾ ਵਿਖੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਪਹਿਲੀ ਤੋਂ ਪੰਜਵੀ ਤੱਕ, ਛੇਵੀਂ ਤੋਂ ਅੱਠਵੀਂ ਤੱਕ ਅਤੇ ਨੌਵੀਂ ਤੋਂ ਬਾਰਵੀਂ ਤੱਕ ਤਿੰਨ ਵਰਗਾ ਵਿੱਚ ਕਰਵਾਏ ਗਏ। ਵਿਦਿਆਰਥੀਆਂ ਕੋਲੋਂ ਗੁਰਬਾਣੀ ਸੁਣਨ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਪ੍ਰਚਾਰਕ ਭਾਈ ਸੁਖਰਾਜ ਸਿੰਘ ਨੇ ਨਿਭਾਈ। ਇਸ ਮੌਕੇ ਸ. ਜ਼ੋਰਾਵਰ ਸਿੰਘ ਤੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਨੇ ਬੱਚਿਆਂ ਨੂੰ ਸਿੱਖ ਵਿਰਸੇ ਨਾਲ ਜੁੜਨ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਮੁਕਾਬਲੇ ਵਿੱਚ ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸ. ਜ਼ੋਰਾਵਰ ਸਿੰਘ ਪ੍ਰਧਾਨ ਨਗਰ ਪੰਚਾਇਤ ਅਜਨਾਲਾ, ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਤੇ ਭਾਈ ਸੁਖਰਾਜ ਸਿੰਘ ਨੇ ਸੀਲਡਾਂ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਪ੍ਰਿ: ਸਰਬਜੀਤ ਕੌਰ, ਵਾਈਸ ਪ੍ਰਿ: ਸ਼ਮਸ਼ੇਰ ਸਿੰਘ, ਬੀਬੀ ਸ਼ਰਨਜੀਤ ਕੌਰ, ਸੁਨੀਤਾ ਸ਼ਰਮਾ ਤੇ ਆਰਤੀ ਸ਼ਰਮਾ ਤੋਂ ਇਲਾਵਾ ਸਕੂਲ ਦਾ ਸਟਾਫ ਹਾਜ਼ਰ ਸੀ।

## ਸਿੱਖ ਇਤਿਹਾਸ ਦਾ ਉੜੀਆ 'ਚ ਅਨੁਵਾਦ ਕਰਨ 'ਤੇ ਸ੍ਰੀਮਤੀ ਸਾਧਨਾ ਪਾਤਰੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ 1 ਲੱਖ ਰੁਪਏ ਦਾ ਸਨਮਾਨ



ਅੰਮ੍ਰਿਤਸਰ, 27 ਫ਼ਰਵਰੀ- ਭੁਵਨੇਸ਼ਵਰ (ਉੜੀਸਾ) ਨਿਵਾਸੀ ਸ੍ਰੀਮਤੀ ਸਾਧਨਾ ਪਾਤਰੀ ਨੂੰ ਸਿੱਖ ਇਤਿਹਾਸ ਅਤੇ ਨਿਤਨੇਮ ਸਟੀਕ ਦਾ ਉੜੀਆ ਭਾਸ਼ਾ ਵਿਚ ਉਲੱਥਾ ਕਰਨ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਵਾਨਗੀ ਮਗਰੋਂ ਸ੍ਰੀਮਤੀ ਸਾਧਨਾ ਪਾਤਰੀ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਇਕ ਲੱਖ ਰੁਪਏ ਦਾ ਚੈੱਕ ਸਨਮਾਨ ਵਜੋਂ ਦਿੱਤਾ ਗਿਆ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਸ੍ਰੀਮਤੀ ਪਾਤਰੀ ਨੂੰ ਚੈੱਕ ਭੇਟ ਕਰਦਿਆਂ ਉਨ੍ਹਾਂ ਦੇ ਕਾਰਜਾਂ ਦੀ ਪ੍ਰਸ਼ੰਸਾ ਕੀਤੀ। ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਆਖਿਆ ਕਿ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਨੂੰ ਉੜੀਸਾ ਅੰਦਰ ਫੈਲਾਉਣ ਲਈ ਸ੍ਰੀਮਤੀ ਪਾਤਰੀ ਦਾ ਯੋਗਦਾਨ ਸ਼ਲਾਘਾਯੋਗ ਹੈ। ਦੱਸਣਯੋਗ ਹੈ ਕਿ ਸ੍ਰੀਮਤੀ ਸਾਧਨਾ ਪਾਤਰੀ ਨੇ ਦਸ ਗੁਰੂ ਸਾਹਿਬਾਨ ਦੇ ਇਤਿਹਾਸ ਨੂੰ ਉੜੀਸਾ ਭਾਸ਼ਾ ਵਿਚ ਅਨੁਵਾਦ ਕੀਤਾ ਹੈ। ਇਸ ਮੌਕੇ ਸ੍ਰੀਮਤੀ ਸਾਧਨਾ ਪਾਤਰੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਧੰਨਵਾਦ ਕੀਤਾ।

ਇਸ ਮੌਕੇ ਜਥੇਦਾਰ ਰਤਨ ਸਿੰਘ ਜੱਫਰਵਾਲ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਮੀਤ ਸਿੰਘ ਬੁੱਟਰ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਸ. ਪਲਵਿੰਦਰ ਸਿੰਘ ਚਿੱਟਾ ਸੁਪ੍ਰਿੰਟੈਂਡੈਂਟ (ਪ੍ਰ), ਸਕਾਲਰ ਬੀਬੀ ਕਿਰਨਦੀਪ ਕੌਰ ਤੇ ਬੀਬੀ ਹਰਪ੍ਰੀਤ ਕੌਰ, ਇੰਚਾਰਜ ਸ. ਗੁਰਦਿਆਲ ਸਿੰਘ, ਸ. ਸੁਰਿੰਦਰ ਸਿੰਘ, ਸ. ਕਾਰਜ ਸਿੰਘ, ਸ. ਜਤਿੰਦਰਪਾਲ ਸਿੰਘ, ਸ. ਪ੍ਰੀਤਇੰਦਰ ਸਿੰਘ ਨਿਮਾਣਾ ਆਦਿ ਮੌਜੂਦ ਸਨ।

## ਹਲਕਾ ਕਾਲਾ ਅਫਗਾਨਾ ਦੇ ਕਸਬਾ ਅਲੀਵਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ



ਅਲੀਵਾਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੇ ਵਿਸ਼ੇਸ ਉਪਰਾਲੇ ਨਾਲ ਹਲਕਾ ਕਾਲਾ ਅਫਗਾਨਾ ਦੇ ਕਸਬਾ ਅਲੀਵਾਲ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਸ਼ੇਸ ਤੌਰ ਤੇ ਪਹੁੰਚੇ ਜਥੇਦਾਰ ਸੱਜਣ ਸਿੰਘ ਬੱਜੂਮਾਨ ਨੇ ਸੰਗਤਾਂ ਨਾਲ ਵੀਚਾਰਾਂ ਸਾਝੀਆਂ ਕਰਦਿਆਂ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਹੁਕਮਾਂ ਅਨੁਸਾਰ ਸਿੱਖ ਲਈ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨੀ ਜਰੂਰੀ ਹੈ। ਉਨ੍ਹਾਂ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀਂ ਵਡਭਾਗੀ ਹੋ ਜੋ ਗੁਰੂ ਦੀ ਰਹਿਮਤ ਸਦਕਾ ਗੁਰੂ ਵਾਲੇ ਬਣੇ ਹੋ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਣਜੀਤ ਸਿੰਘ ਵੜੈਚ, ਭਾਈ ਕੁਲਬੀਰ ਸਿੰਘ, ਭਾਈ ਬਲਜੋਧ ਸਿੰਘ, ਕਵੀਸ਼ਰ ਭਾਈ ਰਣਜੋਧ ਸਿੰਘ ਤੇ ਭਾਈ ਹੀਰਾ ਸਿੰਘ ਨੇ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਇਸ ਮੌਕੇ 50 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਜਥੇਦਾਰ ਸੱਜਣ ਸਿੰਘ ਬੱਜੂਮਾਨ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭਾਈ ਜਗਜੀਤ ਸਿੰਘ ਨੇ ਪੰਜ ਪਿਆਰੇ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਮਨਜੀਤ ਸਿੰਘ ਮੈਨੇਜਰ, ਭਾਈ ਸ਼ਿਵਕਰਨ ਸਿੰਘ ਗ੍ਰੰਥੀ, ਸ, ਅਮਰਜੀਤ ਸਿੰਘ ਤੇ ਸ. ਪਾਲ ਸਿੰਘ ਵਡਾਲਾ ਬਾਂਗਰ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

## ਤਰਨ ਤਾਰਨ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜੱਥਿਆਂ ਦੀ ਹੋਈ ਇਕੱਤਰਤਾ



ਤਰਨ ਤਾਰਨ- ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜੱਥਿਆਂ ਦੀ ਜਰੂਰੀ ਮੀਟਿੰਗ ਸ੍ਰੀ ਗੁਰੂ ਅਰਜਨ ਦੇਵ ਜੀ ਨਿਵਾਸ ਤਰਨ ਤਾਰਨ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ ਦੀ ਅਗਵਾਈ 'ਚ ਹੋਈ। ਮੀਟਿੰਗ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਪਿਛਲੇ ਸਮੇਂ ਤੋਂ ਕੀਤੇ ਜਾ ਰਹੇ ਧਰਮ ਪ੍ਰਚਾਰ ਦੇ ਕਾਰਜਾਂ ਦੀ ਚਰਚਾ ਕਰਦਿਆਂ ਸ. ਪੰਨੂੰ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਆਉਣ ਵਾਲੇ ਸਮੇਂ ਵਿਚ ਬੱਚਿਆਂ ਤੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਲਈ ਪ੍ਰੋਗਰਾਮ ਉਲੀਕਣ 'ਤੇ ਵਿਚਾਰ ਕੀਤੀ ਗਈ।ਸ. ਸੁਖਵਰਸ਼ ਸਿੰਘ ਪੰਨੂੰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਲਗਾਤਾਰ ਗੁਰਮਤਿ ਸਮਾਗਮ ਕੀਤੇ ਜਾਂਦੇ ਰਹੇ ਹਨ ਜਿਨ੍ਹਾਂ ਵਿਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਤਨਦੇਹੀ ਨਾਲ ਡਿਊਟੀ ਨਿਭਾਈ ਹੈ। ਉਨ੍ਹਾਂ ਅਗਲੇ ਸਾਲਾਂ ਵਿਚ ਆਉਣ ਵਾਲੀਆਂ ਸ਼ਤਾਬਦੀਆਂ ਨੂੰ ਸਮਰਪਿਤ ਸਮਾਗਮ ਉਲੀਕ ਕੇ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਕਿਹਾ। ਇਸ ਮੌਕੇ ਐਡੀ. ਮੈਨੇਜਰ ਸ. ਕੁਲਦੀਪ ਸਿੰਘ ਕੈਰੋਂਵਾਲ, ਭਾਈ ਜਸਵਿੰਦਰ ਸਿੰਘ ਸ਼ਹੂਰ ਇੰਚਾਰਜ ਮਾਝਾ ਜੋਨ, ਸ. ਕਰਤਾਰ ਸਿੰਘ ਚੋਹਲਾ ਸਾਹਿਬ, ਇੰਚਾਰਜ ਪੰਜਾਬ ਪ੍ਰਚਾਰ, ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆ, ਭਾਈ ਗੁਰਬਚਨ ਸਿੰਘ ਕਲਸੀਆਂ, ਸ. ਨਿਰੰਜਨ ਸਿੰਘ ਸੁਪਰਵਾਈਜਰ, ਗਿ: ਤਜਿੰਦਰ ਸਿੰਘ ਕੰਗ, ਭਾਈ ਹੀਰਾ ਸਿੰਘ ਮਨਿਹਾਲਾ, ਭਾਈ ਲਖਮੀਰ ਸਿੰਘ ਕੱਕਾ ਕੰਡਿਆਲਾ, ਭਾਈ ਸਤਨਾਮ ਸਿੰਘ ਢੋਟੀਆ, ਭਾਈ ਗੁਰਲਾਲ ਸਿੰਘ, ਭਾਈ ਭਗਵੰਤ ਸਿੰਘ ਸੁਰਵਿੰਡ, ਭਾਈ ਗੁਰਿੰਦਰਪਾਲ ਸਿੰਘ ਬੈਂਕਾਂ, ਭਾਈ ਹੀਰਾ ਸਿੰਘ, ਭਾਈ ਦੀਦਾਰ ਸਿੰਘ, ਭਾਈ ਗੁਰਮਿੰਦਰ ਸਿੰਘ ਕੁਹਾੜਕਾ, ਭਾਈ ਸੁਖਬੀਰ ਸਿੰਘ ਮਾਨੋਚਾਹਲ, ਭਾਈ ਲਖਵਿੰਦਰ ਸਿੰਘ ਦਰਦੀ, ਭਾਈ ਸੁਖਵੰਤ ਸਿੰਘ, ਭਾਈ ਗੁਰਸੇਵਕ ਸਿੰਘ, ਭਾਈ ਗੁਰਭੇਜ ਸਿੰਘ ਚਵਿੰਡਾ, ਭਾਈ ਜਸਬੀਰ ਸਿੰਘ ਅਹਿਮਦਪੁਰ ਹਾਜ਼ਰ ਸਨ।

## ਗੁਰਮਤਿ ਕੈਂਪਾਂ ਦੀ ਸਮਾਪਤੀ ਸਮੇਂ ਗੁ: ਗੁਰੂਸਰ ਸਤਲਾਣੀ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ



ਹੁਸ਼ਿਆਰ ਨਗਰ- ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਂਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਝਬਾਲ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਦੇ ਜਤਨਾ ਸਦਕਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਦੇ ਸਹਿਯੋਗ ਨਾਲ ਵੱਖ-ਵੱਖ ਪਿੰਡਾਂ ਦੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਪਿੰਡ ਢੋਡੀਵਿੰਡ, ਕਾਉਂਕੇ ਅਤੇ ਲਹੌਰੀ ਮੱਲ ਵਿਖੇ ਮਿਤੀ 17 ਫਰਵਰੀ ਤੋਂ 28 ਫਰਵਰੀ 2020 ਤੱਕ ਲਗਾਏ ਗਏ ਇਸ ਗੁਰਮਤਿ ਕੈਂਪ ਵਿਚ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ, ਭਾਈ ਬਲਵਿੰਦਰ ਸਿੰਘ ਝਬਾਲ ਅਤੇ ਕਵੀਸ਼ਰ ਭਾਈ ਦਿਲਬਾਗ ਸਿੰਘ ਨੇ ਗੁਰਬਾਣੀ ਸੰਥਿਆ, ਗੁਰ ਇਤਿਹਾਸ ਅਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ। ਇਸ ਦੇ ਨਾਲ-ਨਾਲ ਬੱਚਿਆਂ ਨੂੰ ਕਵਿਤਾ ,ਕਵੀਸ਼ਰੀ ਅਤੇ ਲੈਕਚਰ ਆਦਿ ਦੀ ਸਿਖਲਾਈ ਵੀ ਦਿੱਤੀ ਗਈ। 29 ਫਰਵਰੀ ਨੂੰ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਇਨਾਮ ਵੰਡ ਸਮਾਗਮ ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਸੰਗਤਾ ਨੂੰ ਕਵਿਤਾ ਕਵੀਸ਼ਰੀ ਲੈਕਚਰ ਆਦਿ ਸੁਣਾ ਕੇ ਨਿਹਾਲ ਕੀਤਾ। ਇਸ ਸਮੇਂ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਗੁਲਜਾਰ ਸਿੰਘ ਰਣੀਕੇ, ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਮੈਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੈਨੇਜਰ ਬਲਦੇਵ ਸਿੰਘ ਖੈਰਾਬਾਦ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਜਥੇਦਾਰ ਰਣੀਕੇ ਨੇ ਬੱਚਿਆਂ ਨੂੰ ਚੰਗੇ ਗੁਣ ਧਾਰਨ ਕਰਨ ਦੀ ਪ੍ਰੇਰਨਾ ਕੀਤੀ। ਅਵੱਲ ਆਏ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਜਥੇਦਾਰ ਗੁਲਜਾਰ ਸਿੰਘ ਰਣੀਕੇ, ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਨੇ ਸਨਮਾਨ ਚਿੰਨ੍ਹ, ਮੈਡਲ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

## ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਲੌਂਗੋਵਾਲ ਗਵਾਲੀਅਰ ਕਿਲ੍ਹੇ ਦੇ ਗੁਰਦੁਆਰਾ ਸਾਹਿਬ ਵਿਖੇ ਹੋਏ ਨਤਮਸਤਕ




ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਬੀਤੇ ਕੱਲ੍ਹ ਗਵਾਲੀਅਰ ਦੇ ਕਿਲ੍ਹੇ 'ਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ ਤੇ ਸ. ਦਰਸ਼ਨ ਸਿੰਘ ਪੀ.ਏ. ਵੀ ਮੌਜੂਦ ਸਨ।

ਇਸ ਦੌਰਾਨ ਉਨ੍ਹਾਂ ਨੇ ਕਾਰਸੇਵਾ ਖਡੂਰ ਸਾਹਿਬ ਵਾਲੇ ਬਾਬਾ ਗੁਰਪ੍ਰੀਤ ਸਿੰਘ ਅਤੇ ਸਥਾਨਕ ਸਿੱਖ ਆਗੂਆਂ ਨਾਲ ਮੁਲਾਕਾਤ ਕਰਕੇ ਪੰਥਕ ਵਿਚਾਰਾਂ ਕੀਤੀਆਂ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਲੌਂਗੋਵਾਲ ਨੇ ਕਾਰਸੇਵਾ ਵਾਲੇ ਮਹਾਂਪੁਰਖਾਂ ਅਤੇ ਸੰਗਤਾਂ ਨੂੰ ਅਗਲੇ ਸਮਿਆਂ ਦੌਰਾਨ ਆ ਰਹੀਆਂ ਸ਼ਤਾਬਦੀਆਂ ਸਬੰਧੀ ਪ੍ਰੇਰਿਤ ਕੀਤਾ। ਵੱਡੀ ਗਿਣਤੀ ਵਿਚ ਸੰਗਤਾਂ ਨੇ ਜਿਥੇ ਭਾਈ ਲੌਂਗੋਵਾਲ ਤੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦਾ ਭਰਵਾਂ ਸਵਾਗਤ ਕੀਤਾ, ਉਥੇ ਹੀ ਗਵਾਲੀਅਰ ਦੇ ਇਲਾਕੇ ਅੰਦਰ ਸਿੱਖੀ ਪ੍ਰਚਾਰ ਲਈ ਸਹਿਯੋਗ ਦੇਣ ਦੀ ਵਚਨਬੱਧਤਾ ਪ੍ਰਗਟਾਈ। ਇਸ ਮੌਕੇ ਜਸਟਿਸ ਐਸ.ਐਸ. ਆਹਲੂਵਾਲੀਆ ਨੇ ਵੀ ਸ਼੍ਰੋਮਣੀ ਕਮੇਟੀ ਪ੍ਰਧਾਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨਾਲ ਮੁਲਾਕਾਤ ਕੀਤੀ। ਭਾਈ ਲੌਂਗੋਵਾਲ ਨੇ ਦੱਸਿਆ ਕਿ ਮੱਧ ਪ੍ਰਦੇਸ਼ ਦੀਆਂ ਸੰਗਤਾਂ ਅੰਦਰ ਆਉਣ ਵਾਲੀਆਂ ਸ਼ਤਾਬਦੀਆਂ ਪ੍ਰਤੀ ਵੱਡਾ ਉਤਸ਼ਾਹ ਹੈ। ਸ਼ਤਾਬਦੀਆਂ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਥਾਂਵਾਂ 'ਤੇ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮਾਂ ਤਹਿਤ ਮੱਧ ਪ੍ਰਦੇਸ਼ ਵਿਖੇ ਵੀ ਵਿਸ਼ੇਸ਼ ਤੌਰ 'ਤੇ ਸਮਾਗਮ ਕਰਵਾਏ ਜਾਣਗੇ। ਗਵਾਲੀਅਰ ਕਿਲ੍ਹੇ 'ਚ ਗੁਰਦੁਆਰਾ ਸਾਹਿਬ ਵਿਖੇ ਬਾਬਾ ਗੁਰਪ੍ਰੀਤ ਸਿੰਘ ਤੇ ਜਸਟਿਸ ਐਸ.ਐਸ.ਆਹਲੂਵਾਲੀਆ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ. ਜਗਸੀਰ ਸਿੰਘ ਮਾਂਗੇਆਣਾ ਤੇ ਸ. ਦਰਸ਼ਨ ਸਿੰਘ ਪੀ.ਏ. ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਕੌਹਰੀਆਂ ਜ਼ਿਲ੍ਹਾ ਸੰਗਰੂਰ ਵਿਖੇ 5 ਫਰਵਰੀ ਨੂੰ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 22 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਵਾਲੇ ਬਣੇ।



ਗੁਰਦੁਆਰਾ ਸਿੰਘ ਸਭਾ ਬੁਗਲਾਂਵਾਲੀ ਜ਼ਿਲ੍ਹਾ ਹਨੂੰਮਾਨਗੜ੍ਹ ਰਾਜਿਸਤਾਨ ਵਿਖੇਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।

# ਗੁਰਦੁਆਰਾ ਗੁਰੂ ਡਾਂਗਮਾਰ ਦੇ ਮਸਲੇ ਨੂੰ ਹੱਲ ਕਰਨ ਸਬੰਧੀ ਸਬ ਕਮੇਟੀ ਦੀ ਵਿਸ਼ੇਸ ਇਕੱਤਤਰਤਾ



ਨਵੀਂ ਦਿੱਲੀ– ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਪੁਰਾਤਨ ਅਸਥਾਨ ਗੁਰਦੁਆਰਾ ਗੁਰੂ ਡਾਂਗਮਾਰ ਸਾਹਿਬ (ਸਿੱਕਮ) ਦੇ ਚੱਲ ਰਹੇ ਵਿਵਾਦ ਨੂੰ ਹੱਲ ਕਰਨ ਲਈ ਅਤੇ ਉਪਰੋਕਤ ਅਸਥਾਨ ਦਾ ਪ੍ਰਬੰਧ ਪ੍ਰਾਪਤ ਕਰਨ ਦੇ ਲਈ ਸ੍ਰੀ ਅਕਾਲ ਤਖਤ ਸਾਹਿਬ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਗਠਿਤ ਸਬ ਕਮੇਟੀ ਦੀ ਵਿਸ਼ੇਸ ਇਕੱਤਰਤਾ ਸਿੱਖ ਮਿਸ਼ਨ ਦਿੱਲੀ ਵਿਖੇ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਸਬ ਕਮੇਟੀ ਦੇ ਮੈਂਬਰਾਨ ਨੇ ਵਿਸ਼ੇਸ ਤੌਰ ਤੇ ਸ਼ਮੂਲੀਅਤ ਕੀਤੀ, ਇਸ ਮੀਟਿੰਗ ਬਾਰੇ ਜਾਣਕਾਰੀ ਦਿੰਦੇ ਹੋਏ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਦੱਸਿਆ ਕਿ ਸਬ ਕਮੇਟੀ ਦੀ ਇਕੱਤਤਰਤਾ ਦੌਰਾਨ ਇਸ ਮਸਲੇ ਨੂੰ ਹੱਲ ਕਰਨ ਲਈ ਰਲ ਮਿਲਕੇ ਯਤਨ ਕਰਨ ਦਾ ਫੈਸਲਾ ਸਰਬਸੰਮਤੀ ਨਾਲ ਕੀਤਾ ਗਿਆ, ਜਿਸਨੂੰ ਹਾਜਰ ਸਮੂਹ ਮੈਂਬਰਾਂ ਨੇ ਪ੍ਰਵਾਨਗੀ ਦਿੱਤੀ। ਉਹਨਾਂ ਇਸ ਸਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਪਾਵਨ ਅਸਥਾਨ ਗੁਰਦੁਆਰਾ ਗੁਰੂ ਡਾਂਗਮਾਰ ਸਾਹਿਬ ਦੀ ਬਹਾਲੀ ਲਈ ਸਿੱਕਮ ਹਾਈਕੋਰਟ ਵਿੱਚ ਚੱਲ ਰਹੀ ਰਿੱਟ ਪਟੀਸ਼ਨ ਦਾ ਆਪਸੀ ਸਹਿਮਤੀ ਨਾਲ ਫੈਸਲਾ ਕਰਵਾਇਆ ਜਾਵੇ, ਇਸ ਸਬੰਧੀ ਕਾਨੂੰਨੀ ਲੜਾਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਲੀਗਲ ਸੈੱਲ ਵਿਭਾਗ ਰਾਂਹੀ ਕੀਤੀ ਜਾਵੇ। ਉਪਰੰਤ ਬਾਕੀ ਮਸਲਿਆਂ ਵਾਸਤੇ ਵੀ ਜੇ ਲੋੜ ਪਵੇ ਤਾਂ ਕਾਨੂੰਨੀ ਲੜਾਈ ਲੜੀ ਜਾਵੇ।

ਇਕੱਤਤਰਾ ਵਿੱਚ ਸਬ ਕਮੇਟੀ ਦੇ ਮੈਂਬਰ ਸ. ਜਗਜੀਤ ਸਿੰਘ ਕਾਹਲੋਂ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਐਡਵੋਕੇਟ ਬ੍ਰਜਿੰਦਰ ਸਿੰਘ ਲੂੰਬਾ, ਐਡਵੋਕੇਟ ਅੰਮ੍ਰਿਤਪਾਲ ਸਿੰਘ ਮੁੰਬਈ, ਐਡਵੋਕੇਟ ਨਵੀਨ ਬਾਰਿਕ ਸਿਲੀਗੁੜੀ, ਕਰਨਲ ਦਲਵਿੰਦਰ ਸਿੰਘ ਗਰੇਵਾਲ, ਸ. ਅਜਮੇਰ ਸਿੰਘ ਰੰਧਾਵਾ, ਬਾਬਾ ਯਾਦਵਿੰਦਰ ਸਿੰਘ ਗੁਰਦੁਆਰਾ ਸਾਹਿਬ ਚੁੰਗਥਾਮ, ਸ. ਦਲਵਿੰਦਰ ਸਿੰਘ ਸਕੱਤਰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਿਲੀਗੁੜੀ, ਸਬ ਕਮੇਟੀ ਦੇ ਕੋਆਰਡੀਨੇਟਰ ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਵਰਿੰਦਰ ਸਿੰਘ ਠਰੂ, ਸ. ਸਿਮਰਜੀਤ ਸਿੰਘ, ਸ. ਜਸਵੀਰ ਸਿੰਘ ਲੌਂਗੋਵਾਲ ਸ/ਇੰਚਾਰਜ ਸਿੱਖ ਮਿਸ਼ਨ ਦਿੱਲੀ, ਭਾਈ ਪ੍ਰਭ ਸਿੰਘ ਪ੍ਰਚਾਰਕ ਆਦਿ ਵੀ ਹਾਜਰ ਸਨ।

# ਪਿੰਡ ਚੂਹੜਪੁਰ (ਹਰਿਆਣਾ) ਵਿਖੇ ਦਸ ਰੋਜ਼ਾ ਦਸਤਾਰ ਸਿਖਲਾਈ ਕੈਂਪ ਲਗਾਇਆ



ਜਾਖਲ ਮੰਡੀ– ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰਿਆਣਾ ਸਥਿਤ ਜਾਖਲ ਮੰਡੀ ਦੇ ਨਜਦੀਕ ਪਿੰਡ ਚੂਹੜਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਦਸ ਰੋਜਾ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿਚ 35 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਬੱਚਿਆਂ ਨੂੰ ਦਸਤਾਰ ਦੀ ਸਿਖਲਾਈ ਭਾਈ ਅਮਰਜੀਤ ਸਿੰਘ ਵੱਲੋ ਦਿੱਤੀ ਗਈ। ਕੈਂਪ ਦੇ ਅਖੀਰਲੇ ਦਿਨ ਕੈਂਪ ਵਿੱਚ ਸਾਮਿਲ ਬੱਚਿਆ ਦੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਪਹਿਲੇ ਸਥਾਨ ਤੇ ਦਲਬੀਰ ਸਿੰਘ ਦੂਜੇ ਸਥਾਨ ਤੇ ਗੁਰਪ੍ਰੀਤ ਸਿੰਘ ਅਤੇ ਤੀਜੇ ਸਥਾਨ ਤੇ ਪਰਵੀਨ ਸਿੰਘ ਰਹੇ। ਕੈਂਪ ਦੇ ਸਮਾਪਤੀ ਸਮਾਗਮ ਸਮੇਂ ਉਚੇਚੇ ਤੌਰ ਤੇ ਪਹੁੰਚੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬੈਹਣੀਵਾਲ ਜੀ ਨੇ ਜੇਤੂ ਬੱਚਿਆ ਨੂੰ ਦਸਤਾਰਾ, ਮੈਡਲ, ਸਰਟੀਫਿਕੇਟ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਆਪਣੇ ਸੰਬੋਧਨ ਵਿੱਚ ਬੋਲਦਿਆ ਜਥੇਦਾਰ ਬੈਹਣੀਵਾਲ ਨੇ ਕਿਹਾ ਕਿ ਦਸਤਾਰ ਸਿੱਖੀ ਦੀ ਪਹਿਚਾਣ ਹੈ ਅਤੇ ਸਿੱਖ ਧਰਮ ਦਾ ਅਨਿਖੜਵਾ ਅੰਗ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਕੀਤੀ ਦਸਤਾਰ ਸਜਾ ਕੇ ਲੱਖਾ ਵਿੱਚ ਖੜੇ ਸਿੱਖ ਦੀ ਵਖਰੀ ਪਹਿਚਾਣ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਗੁਰਬਾਣੀ ਦੇ ਉਪਦੇਸ਼ਾਂ ਅਨੁਸਾਰੀ ਜੀਵਨ ਬਤੀਤ ਕਰਨਾ ਚਾਹੀਦਾ ਹੈ ਤਾਂ ਕਿ ਸਾਡਾ ਸੰਸਾਰ ਤੇ ਆਉਣ ਦਾ ਮਨੋਰਥ ਪੂਰਾ ਹੋ ਸਕੇ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਵੀ ਸ਼ਮੂਲੀਅਤ ਕੀਤੀ।

# ਗੁਰਦੁਆਰਾ ਭਾਈ ਲਾਲੋ ਜੀ ਕੋਟ ਈਸੇ ਖਾਂ ਵਿਖੇ ਗੁਰਮਤਿ ਸਮਾਗਮ ਕਰਵਾਇਆ



ਕੋਟ ਈਸੇ ਖਾਂ– ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਅਤੇ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਭਾਈ ਲਾਲੋ ਜੀ ਕੋਟ ਈਸੇ ਖਾਂ ਵਿਖੇ ਸਥਾਨਕ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਪ੍ਰਚਾਰਕ ਭਾਈ ਲਖਬੀਰ ਸਿੰਘ ਮੋਗਾ, ਭਾਈ ਬਲਜੀਤ ਸਿੰਘ, ਭਾਈ ਵਿਕਰਮਜੀਤ ਸਿੰਘ ਸ੍ਰੀ ਅੰਮ੍ਰਿਤਸਰ, ਭਾਈ ਲਵਪ੍ਰੀਤ ਸਿੰਘ ਦਾਤੇਵਾਲ ਕਵੀਸ਼ਰ ਜਥਾ ਭਾਈ ਦਇਆ ਸਿੰਘ, ਭਾਈ ਗੁਰਬਚਨ ਸਿੰਘ ਸ਼ੇਰਪੁਰੀ ਆਦਿ ਵਲੋਂ ਗੁਰਬਾਣੀ, ਗੁਰੂ ਇਤਿਹਾਸ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਸਮਾਗਮ ਦੌਰਾਨ ਰਾਜਿੰਦਰ ਸਿੰਘ ਡੱਲਾ ਸਿਆਸੀ ਸਕੱਤਰ ਜਥੇਦਾਰ ਤੋਤਾ ਸਿੰਘ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸੰਗਤਾਂ ਨੂੰ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ ਜਿਸ ਵਿਚ 71 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਗੁਰੂ ਦੇ ਲੜ ਲੱਗੇ। ਸਮਾਗਮ ਦੌਰਾਨ ਸਾਬਕਾ ਚੇਅਰਮੈਨ ਸ. ਸੁਖਵਿੰਦਰ ਸਿੰਘ ਦਾਤੇਵਾਲ, ਸ੍ਰੀ ਅਸ਼ਵਨੀ ਕੁਮਾਰ ਪਿੰਟੂ ਪ੍ਰਧਾਨ, ਸ. ਗੁਰਮੀਤ ਸਿੰਘ ਗਗੜਾ, ਸ. ਕਿੱਕਰ ਸਿੰਘ, ਸ. ਜਸਵੀਰ ਸਿੰਘ ਸ਼ੇਰਪੁਰੀ, ਭਾਈ ਬਲਵਿੰਦਰ ਸਿੰਘ ਹੈੱਡ ਗ੍ਰੰਥੀ, ਬਾਬਾ ਜਸਵੰਤ ਸਿੰਘ, ਸ. ਜਗਤਾਰ ਸਿੰਘ, ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਕੇਂਦਰੀ ਸਿੱਖ ਅਜਾਇਬ ਘਰ 'ਚ ਜਥੇਦਾਰ ਬਾਬਾ ਲੱਖਾ ਸਿੰਘ ਅਤੇ ਪ੍ਰਿੰਸੀਪਲ ਚੰਨਣ ਸਿੰਘ ਦੀਆਂ ਤਸਵੀਰਾਂ ਸੁਸ਼ੋਭਿਤ



ਅੰਮ੍ਰਿਤਸਰ– ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਬਾਬਾ ਲੱਖਾ ਸਿੰਘ ਅਤਲਾ ਕਲਾਂ ਅਤੇ ਸ਼੍ਰੋਮਣੀ ਰਾਗੀ ਪ੍ਰਿੰਸੀਪਲ ਚੰਨਣ ਸਿੰਘ ਮਜਬੂਰ ਦੀਆਂ ਤਸਵੀਰਾਂ ਲਗਾਈਆਂ ਗਈਆਂ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਜਰਨਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਨੇ ਨਿਭਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਇਸ ਸਬੰਧ ਵਿਚ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਕੀਤੇ ਗਏ ਸਮਾਗਮ ਦੌਰਾਨ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਜਰਨਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਥੇਦਾਰ ਬਾਬਾ ਲੱਖਾ ਸਿੰਘ ਨੇ ਜਿਥੇ ਕਈ ਵਿੱਦਿਅਕ ਅਦਾਰਿਆਂ ਦੀ ਸਥਾਪਨਾ ਕਰ ਕੇ ਵਿਦਿਆ ਦੇ ਪਸਾਰ ਵਿਚ ਅਹਿਮ ਯੋਗਦਾਨ ਪਾਇਆ ਹੈ, ਉਥੇ ਉਨ੍ਹਾਂ ਨੇ ਧਰਮ ਪ੍ਰਚਾਰ ਕਰਦਿਆਂ ਅਨੇਕਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਦੇ ਲੜ ਲਾਇਆ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਸ਼੍ਰੋਮਣੀ ਰਾਗੀ ਪ੍ਰਿੰਸੀਪਲ ਚੰਨਣ ਸਿੰਘ ਮਜਬੂਰ ਨੇ ਵੀ ਗੁਰਬਾਣੀ ਕੀਰਤਨ ਦੀ ਸੇਵਾ ਦੇ ਨਾਲ-ਨਾਲ ਅਨੇਕਾਂ ਸਿੱਖਿਆਰਥੀਆਂ ਨੂੰ ਗੁਰਬਾਣੀ ਕੀਰਤਨ ਦੀ ਸਿੱਖਿਆ ਦਿੱਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਬਾਬਾ ਲੱਖਾ ਸਿੰਘ ਤੇ ਪ੍ਰਿੰਸੀਪਲ ਚੰਨਣ ਸਿੰਘ ਦਾ ਜੀਵਨ ਸਿੱਖ ਸੰਗਤਾਂ ਲਈ ਪ੍ਰੇਰਣਾ ਸਰੋਤ ਹੈ। ਉਨ੍ਹਾਂ ਦੇ ਜੀਵਨ ਤੋਂ ਸਿੱਖੀ ਪ੍ਰਤੀ ਸਮਰਪਣ ਭਾਵਨਾ ਦੀ ਸੇਧ ਮਿਲਦੀ ਹੈ। ਇਸ ਤੋਂ ਪਹਿਲਾਂ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਅਤੇ ਭਾਈ ਸਲਵਿੰਦਰ ਸਿੰਘ ਨੇ ਅਰਦਾਸ ਕੀਤੀ।

ਇਸ ਮੌਕੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਸੁਖਬੀਰ ਸਿੰਘ ਤੇ ਸ. ਨਿਸ਼ਾਨ ਸਿੰਘ ਤੋਂ ਇਲਾਵਾ ਪ੍ਰੋ. ਗੁਰਦੇਵ ਸਿੰਘ ਫੁੱਲ, ਸ. ਅਵਤਾਰ ਸਿੰਘ ਸੋਢੀ, ਸ. ਚੰਨਣ ਸਿੰਘ ਸੇਵਕ, ਸ. ਬਲਵਿੰਦਰ ਸਿੰਘ ਪੱਟੀ, ਸ. ਸਵਿੰਦਰ ਸਿੰਘ ਪਟਿਆਲਾ, ਬੀਬੀ ਗਿਆਨ ਕੌਰ, ਬੀਬੀ ਅਨੀਤਾ ਰਾਜ ਸਰੋਆ ਸਮੇਤ ਸੰਗਤਾਂ ਹਾਜ਼ਰ ਸਨ।

# ਵੱਡੇ ਘੱਲੂਘਾਰੇ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਪ੍ਰਮੁੱਖ ਸਖ਼ਸ਼ੀਅਤਾਂ ਨੇ ਕੀਤੀ ਸ਼ਿਰਕਤ



ਮਹਿਲ ਕਲਾਂ– 1762 ਈ: 'ਚ ਵਾਪਰੇ ਵੱਡੇ ਘੱਲੂਘਾਰੇ ਦੇ 35000 ਸ਼ਹੀਦ ਸਿੰਘ ਸਿੰਘਣੀਆਂ ਅਤੇ ਭੁਜੰਗੀਆਂ ਦੀ ਯਾਦ ਵਿਚ ਗੁਰਦੁਆਰਾ ਵੱਡਾ ਘੱਲੂਘਾਰਾ ਸਾਹਿਬ ਵਿਖੇ ਕਰਵਾਏ ਗਏ ਸ਼ਹੀਦੀ ਸਮਾਗਮ ਦੇ ਦੂਸਰੇ ਦਿਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਲੌਂਗੋਵਾਲ ਨੇ ਕਿਹਾ ਕਿ ਵੱਡੇ ਘੱਲੂਘਾਰੇ ਸਮੇਂ ਅਹਿਮਦ ਸ਼ਾਹ ਅਬਦਾਲੀ ਦੀਆਂ ਫ਼ੌਜਾਂ ਨਾਲ ਲੋਹਾ ਲੈਂਦਿਆਂ ਸ਼ਹੀਦੀ ਜਾਮ ਪੀ ਗਏ ਮਹਾਨ ਸ਼ਹੀਦਾਂ ਦੀ ਵੱਡੀ ਕੁਰਬਾਨੀ ਦੀ ਹੋਰ ਕਿਤੇ ਵੀ ਮਿਸਾਲ ਨਹੀਂ ਮਿਲਦੀ। ਇਨ੍ਹਾਂ ਸ਼ਹਾਦਤਾਂ ਤੋਂ ਸਾਨੂੰ ਜਬਰ ਜ਼ੁਲਮ ਦਾ ਦਲੇਰੀ ਨਾਲ ਟਾਕਰਾ ਕਰਨ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਸਿੱਖ ਕੌਮ ਨੂੰ ਇਨ੍ਹਾਂ ਕੌਮੀ ਪਰਵਾਨਿਆਂ ਦੀ ਸ਼ਹਾਦਤ 'ਤੇ ਮਾਣ ਹੈ। ਉਨ੍ਹਾਂ ਕਿਹਾ ਕਿ ਕੌਮ ਲਈ ਕੁਰਬਾਨੀਆਂ ਦੇਣ ਦਾ ਜਜ਼ਬਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾ ਕੇ ਬਖ਼ਸ਼ਿਆ ਸੀ ਤਾਂ ਜੋ ਗੁਰੂ ਦਾ ਇਕੱਲਾ-ਇਕੱਲਾ ਸਿੰਘ ਸਵਾ-ਸਵਾ ਲੱਖ ਮੁਗ਼ਲਾਂ ਦਾ ਮੁਕਾਬਲਾ ਕਰ ਸਕੇ। ਭਾਈ ਲੌਂਗੋਵਾਲ ਨੇ ਪ੍ਰਬੰਧਕਾਂ ਵਲੋਂ ਉਠਾਈ ਗਈ ਮੰਗ ਅਨੁਸਾਰ ਵੱਡੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਯਾਦਗਾਰ ਬਣਾਉਣ ਲਈ ਪਹਿਲੀ ਕਿਸ਼ਤ ਵਜੋਂ ਪੰਜ ਲੱਖ ਰੁਪਏ ਦੀ ਰਾਸ਼ੀ ਭੇਜਣ ਦਾ ਐਲਾਨ ਵੀ ਕੀਤਾ। ਇਸ ਮੌਕੇ ਹਲਕਾ ਇੰਚਾਰਜ ਸੰਤ ਬਲਵੀਰ ਸਿੰਘ ਘੁੰਨਸ, ਮੈਂਬਰ ਸ਼੍ਰੋਮਣੀ ਕਮੇਟੀ ਸੰਤ ਦਲਬਾਰ ਸਿੰਘ ਛੀਨੀਵਾਲ ਨੇ ਵੱਡੇ ਘੱਲੂਘਾਰੇ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਸ਼ਹੀਦੀ ਯਾਦਗਾਰ ਉਸਾਰਨ ਲਈ ਖੁੱਲ੍ਹਦਿਲੀ ਨਾਲ ਹੋਰ ਸਹਾਇਤਾ ਕਰਨ ਦੀ ਮੰਗ ਕੀਤੀ। ਇਸ ਸਮੇਂ ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਪ੍ਰਿਤਪਾਲ ਸਿੰਘ ਛੀਨੀਵਾਲ, ਜਥੇਦਾਰ ਗੁਰਮੇਲ ਸਿੰਘ ਛੀਨੀਵਾਲ, ਸ. ਅਮਨਦੀਪ ਸਿੰਘ ਕਾਂਝਲਾ, ਸ. ਜੁਗਿੰਦਰ ਸਿੰਘ, ਸ. ਮੁਕੰਦ ਸਿੰਘ, ਸ. ਭੁਪਿੰਦਰ ਸਿੰਘ ਬਾਠ, ਸ. ਜਗਜੀਤ ਸਿੰਘ ਗਰੇਵਾਲ, ਬਾਬਾ ਭੁਪਿੰਦਰ ਸਿੰਘ ਭਿੰਦਾ, ਸ. ਅਮਰ ਸਿੰਘ ਧਨੋਆ, ਸ. ਸੁਖਦੇਵ ਸਿੰਘ ਬਾਠ, ਸ. ਧੰਨਾ ਸਿੰਘ ਹਰਦਾਸਪੁਰਾ, ਸ. ਬਲਵੰਤ ਸਿੰਘ, ਸ. ਬਲਦੇਵ ਸਿੰਘ ਗਾਗੇਵਾਲ, ਸ. ਬਲਵੀਰ ਸਿੰਘ ਕੁਤਬਾ, ਸ. ਮੁਖ਼ਤਿਆਰ ਸਿੰਘ ਛਾਪਾ, ਸ. ਗੁਰਦੀਪ ਸਿੰਘ ਟਿਵਾਣਾ ਆਦਿ ਹਾਜ਼ਰ ਸਨ।

# ਸ੍ਰੀ ਕਰਤਾਰਪੁਰ ਸਾਹਿਬ ਤੋਂ ਮੁੜਨ ਵਾਲੇ ਸ਼ਰਧਾਲੂਆਂ ਨੂੰ ਪੁਲਿਸ ਵੱਲੋਂ ਤੰਗ ਪ੍ਰੇਸ਼ਾਨ ਕਰਨ ਦੀ ਭਾਈ ਲੌਂਗੋਵਾਲ ਵੱਲੋਂ ਨਿੰਦਾ

ਅੰਮ੍ਰਿਤਸਰ– ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਾਵਨ ਚਰਨ ਛੋਹ ਪ੍ਰਾਪਤ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨ ਕਰਕੇ ਮੁੜਨ ਵਾਲੀ ਸੰਗਤ ਨੂੰ ਪੰਜਾਬ ਪੁਲਿਸ ਵੱਲੋਂ ਤੰਗ ਪ੍ਰੇਸ਼ਾਨ ਕਰਨ ਦੀ ਨਿੰਦਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਬੰਧਤ ਪੁਲਸ ਅਧਿਕਾਰੀਆਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਆਖਿਆ ਕਿ ਇਹ ਇੱਕ ਮੰਦਭਾਗਾ ਰੁਝਾਨ ਹੈ ਜਿਸ ਨੇ ਸੰਗਤਾਂ ਅੰਦਰ ਡਰ ਪੈਦਾ ਕਰ ਦਿੱਤਾ ਹੈ। ਜੇਕਰ ਇਸ 'ਤੇ ਤੁਰੰਤ ਰੋਕ ਨਾ ਲਗਾਈ ਗਈ ਤਾਂ ਇਸ ਦਾ ਲਾਂਘੇ 'ਤੇ ਅਸਰ ਪਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ ਅਜੇ ਪੰਜਾਬ ਦੇ ਡੀਜੀਪੀ ਦਿਨਕਰ ਗੁਪਤਾ ਦੇ ਬਿਆਨ ਦੀ ਸਿਆਹੀ ਵੀ ਨਹੀਂ ਸੁੱਕੀ ਕਿ ਹੁਣ ਸ਼ਰਧਾਲੂਆਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾਣ ਲੱਗ ਪਿਆ ਹੈ। ਪੰਜਾਬ ਸਰਕਾਰ ਦੀ ਇਹ ਹਰਕਤ ਪੰਜਾਬ ਦੇ ਲੋਕਾਂ ਨੂੰ ਜਾਣਬੁੱਝ ਕੇ ਸ਼ੱਕੀ ਬਣਾਉਣ ਵਾਲੀ ਹੈ। ਉਹ ਆਪਣੇ ਹੀ ਸੂਬੇ ਵਿਚ ਬੇਗਾਨਾ ਮਹਿਸੂਸ ਕਰ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਪੌਣੀ ਸਦੀ ਦੀਆਂ ਅਰਦਾਸਾਂ ਨਾਲ ਗੁਰ ਅਸਥਾਨ ਦਾ ਇਹ ਲਾਂਘਾ ਖੁੱਲ੍ਹਿਆ ਹੈ ਅਤੇ ਸੰਗਤਾਂ ਨੂੰ ਪਾਵਨ ਅਸਥਾਨ ਦੇ ਦਰਸ਼ਨ ਨਸੀਬ ਹੋਏ ਹਨ ਪਰ ਕੁਝ ਲੋਕਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਤੰਗ ਪ੍ਰੇਸ਼ਾਨ ਕਰਨ ਦੀ ਕਾਰਵਾਈ ਨੇ ਪੰਜਾਬ ਸਰਕਾਰ ਦੀ ਲਾਂਘੇ ਪ੍ਰਤੀ ਮਨਸ਼ਾ ਇੱਕ ਵਾਰ ਫਿਰ ਸਾਫ ਕਰ ਦਿੱਤੀ ਹੈ। ਇਸ ਤਰ੍ਹਾਂ ਲਗਦਾ ਹੈ ਜਿਵੇਂ ਪੰਜਾਬ ਸਰਕਾਰ ਲਾਂਘਾ ਬੰਦ ਕਰਵਾਉਣਾ ਚਾਹੁੰਦੀ ਹੋਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰੂ ਘਰ ਨਤਮਸਤਕ ਹੋਣ ਵਾਲੀ ਸੰਗਤ 'ਤੇ ਸ਼ੱਕ ਕਰਨਾ ਜਾਇਜ਼ ਨਹੀਂ। ਕਿਉਂਕਿ ਹਰ ਸ਼ਰਧਾਲੂ ਦੇ ਕਰਤਾਰਪੁਰ ਸਾਹਿਬ ਜਾਣ ਤੋਂ ਪਹਿਲਾਂ ਉਸ ਦੀ ਪੁਲਿਸ ਰਿਪੋਰਟ ਲਈ ਜਾਂਦੀ ਹੈ। ਜੇਕਰ ਪੁਲਿਸ ਨੂੰ ਆਪਣੀ ਹੀ ਜਾਂਚ ਰਿਪੋਰਟ 'ਤੇ ਯਕੀਨ ਨਹੀਂ ਹੈ ਤਾਂ ਜਾਣ ਤੋਂ ਪਹਿਲੀ ਜਾਂਚ ਪੜਤਾਲ ਕਿਸ ਕੰਮ ਦੀ ਹੈ। ਭਾਈ ਲੌਂਗੋਵਾਲ ਨੇ ਪੰਜਾਬ ਦੀ ਕੈਪਟਨ ਸਰਕਾਰ ਨੂੰ ਨਿੱਤ-ਦਿਨ ਅਜਿਹੇ ਹੱਥਕੰਡੇ ਅਪਣਾਉਣ ਤੋਂ ਗੁਰੇਜ ਕਰਨਾ ਚਾਹੀਦਾ ਹੈ, ਜਿਨ੍ਹਾਂ ਨਾਲ ਪੰਜਾਬ ਵਿਚ ਤਲਖੀ ਵਾਲਾ ਮਾਹੌਲ ਬਣਦਾ ਹੋਏ।

# ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਲੀਆਂ ਸੰਗਤਾਂ ਦੀ ਸਹੂਲਤ ਲਈ ਸ਼੍ਰੋਮਣੀ ਕਮੇਟੀ ਵਚਨਬੱਧ-ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤਸਰ ਤੋਂ ਕਰਤਾਰਪੁਰ ਸਾਹਿਬ ਕੋਰੀਡੋਰ ਤੱਕ ਮੁਫ਼ਤ ਬੱਸ ਸੇਵਾ ਸ਼ੁਰੂ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ (ਪਾਕਿਸਤਾਨ) ਦੇ ਦਰਸ਼ਨ ਕਰਨ ਜਾਣ ਵਾਲੇ ਸ਼ਰਧਾਲੂਆਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਸਥਿਤ ਕੋਰੀਡੋਰ ਟਰਮੀਨਲ ਤੱਕ ਮੁਫ਼ਤ ਬੱਸ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੀ ਰਸਮੀਂ ਆਰੰਭਤਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਥਾਨਕ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਤੋਂ ਕੀਤੀ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਸ਼੍ਰੋਮਣੀ ਕਮੇਟੀ ਅਧਿਕਾਰੀ ਵੀ ਮੌਜੂਦ ਸਨ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਇਸ ਤੋਂ ਪਹਿਲਾਂ ਵੀ ਡੇਰਾ ਬਾਬਾ ਨਾਨਕ ਰੇਵਲੇ ਸਟੇਸ਼ਨ ਅਤੇ ਬੱਸ ਅੱਡੇ ਤੋਂ ਟਰਮੀਨਲ ਤੱਕ ਬੱਸਾਂ ਮੁਫ਼ਤ ਸੇਵਾਵਾਂ ਦੇ ਰਹੀ ਹੈ। ਅੰਮ੍ਰਿਤਸਰ ਤੋਂ ਪਹਿਲੀ ਬੱਸ ਰਵਾਨਾ ਕਰਨ ਸਮੇਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸ੍ਰੀ ਕਰਤਾਰਪੁਰ ਸਾਹਿਬ ਨਤਮਸਤਕ ਹੋਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਵਚਨਬੱਧ ਹੈ। ਇਸ ਤਹਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਰਿਹਾਇਸ਼ ਅਤੇ ਲੰਗਰ ਦੀ ਸੁਵਿਧਾ ਨਿਰੰਤਰ ਜਾਰੀ ਹੈ। ਹੁਣ ਸੰਗਤਾਂ ਦੀ ਮੰਗ ਅਨੁਸਾਰ ਸ੍ਰੀ ਅੰਮ੍ਰਿਤਸਰ ਤੋਂ ਮੁਫ਼ਤ ਬੱਸ ਸੇਵਾ ਸ਼ੁਰੂ ਕੀਤੀ ਗਈ ਹੈ। ਇਹ ਬੱਸ ਸਵੇਰੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਦੇ ਨਜ਼ਦੀਕ ਭਾਈ ਗੁਰਦਾਸ ਹਾਲ ਤੋਂ ਰੋਜ਼ਾਨਾ ਚੱਲੇਗੀ ਅਤੇ ਸ਼ਾਮ ਸਮੇਂ ਡੇਰਾ ਬਾਬਾ ਨਾਨਕ ਤੋਂ ਸੰਗਤਾਂ ਨੂੰ ਅੰਮ੍ਰਿਤਸਰ ਤੱਕ ਵਾਪਸ ਲਿਆਉਣ ਦੀ ਸਹੂਲਤ ਵੀ ਦੇਵੇਗੀ।

ਇਸ ਦੌਰਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਭੇਜਣ ਦੀ ਸ਼ੁਰੂਆਤ ਵੀ ਜਲਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਪਹਿਲਾਂ ਵੀ ਰਾਗੀ ਜਥੇ ਭੇਜੇ ਸਨ, ਪਰੰਤੂ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ 'ਤੇ ਰੋਕ ਲਗਾ ਦਿੱਤੀ ਸੀ। ਹੁਣ ਪਾਕਿਸਤਾਨ ਕਮੇਟੀ ਦੇ ਪ੍ਰਧਾਨ ਨੇ ਰਾਗੀ ਜਥਿਆਂ ਸਬੰਧੀ ਸਪੱਸ਼ਟ ਕਰ ਦਿੱਤਾ ਹੈ ਅਤੇ ਸ਼੍ਰੋਮਣੀ ਕਮੇਟੀ ਅਗਲੇ ਦਿਨਾਂ ਵਿਚ ਇਸ ਦੀ ਸ਼ੁਰੂਆਤ ਕਰ ਦੇਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਕਿਹਾ ਕਿ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਾਲੀਆਂ ਸੰਗਤਾਂ ਨੂੰ ਪੁਲਿਸ ਪ੍ਰਸ਼ਾਸਨ ਵੱਲੋਂ ਤੰਗ-ਪ੍ਰੇਸ਼ਾਨ ਕਰਨਾ ਮੰਦਭਾਗਾ ਹੈ। ਇਹ ਪੰਜਾਬ ਦੇ ਲੋਕਾਂ ਨੂੰ ਸ਼ੱਕ ਦੀ ਨਿਗ੍ਹਾ ਨਾਲ ਵੇਖਣ ਵਾਲੀ ਪ੍ਰਕਿਰਿਆ ਹੈ। ਪੰਜਾਬ ਸਰਕਾਰ ਇਸ 'ਤੇ ਤੁਰੰਤ ਰੋਕ ਲਗਾ ਕੇ ਅੱਗੇ ਤੋਂ ਯਕੀਨੀ ਬਣਾਏ ਕਿ ਅਜਿਹਾ ਨਹੀਂ ਹੋਵੇਗਾ। ਭਾਈ ਲੌਂਗੋਵਾਲ ਨੇ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਪਾਸਪੋਰਟ ਦੀ ਸ਼ਰਤ 'ਤੇ ਮੁੜ ਵਿਚਾਰ ਕਰਨ ਦੀ ਗੱਲ ਵੀ ਆਖੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ. ਭਗਵੰਤ ਸਿੰਘ ਸਿਆਲਕਾ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਡਾ. ਪਰਮਜੀਤ ਸਿੰਘ ਸਰੋਆ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸਕੱਤਰ ਸਿੰਘ, ਸ. ਗੁਰਮੀਤ ਸਿੰਘ ਬੁੱਟਰ, ਸ. ਸਿਮਰਜੀਤ ਸਿੰਘ ਕੰਗ, ਸ. ਤੇਜਿੰਦਰ ਸਿੰਘ ਪੱਡਾ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਮੁਖਤਾਰ ਸਿੰਘ, ਸਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਨਿਸ਼ਾਨ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ ਆਦਿ ਹਾਜ਼ਰ ਸਨ।

# ਪਿੰਡ ਬੱਡੂਵਾਲ ਜ਼ਿਲ੍ਹਾ ਮੋਗਾ ਵਿਖੇ ਗੁਰਮਤਿ ਸਮਾਗਮ ਕਰਵਾਇਆ



ਮੋਗਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਆਰੰਭ ਕੀਤੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਮੋਗਾ ਦੇ ਪਿੰਡ ਬੱਡੂਵਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਤੋਤਾ ਸਿੰਘ ਨੇ ਵਿਸ਼ੇਸ ਤੌਰ ਤੇ ਹਾਜ਼ਰੀ ਲਵਾਈ। ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਤੋਤਾ ਸਿੰਘ ਨੇ ਕਿਹਾ ਕਿ ਗੁਰਬਾਣੀ ਮਨੁੱਖ ਨੂੰ ਸਚਿਆਰ ਬਨਣ ਦਾ ਉਪਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਾਡੇ ਸਾਰਿਆਂ ਲਈ ਜਰੂਰੀ ਹੈ ਕਿ ਅਸੀਂ ਗੁਰਬਾਣੀ ਦੇ ਉਪਦੇਸ਼ਾਂ ਅਨੁਸਾਰ ਆਪਣਾ ਜੀਵਨ ਬਤੀਤ ਕਰਨ ਦਾ ਜਤਨ ਕਰੀਏ। ਜਥੇਦਾਰ ਤੋਤਾ ਸਿੰਘ ਨੇ ਅੱਜ ਦੇ ਸਮਾਗਮ ਸਮੇਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੇ ਅੰਮ੍ਰਿਤ ਅਭਿਲਾਖੀਆਂ ਨੂੰ ਵਧਾਈ ਦਿੱਤੀ। ਸਮਾਗਮ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਲਵਪ੍ਰੀਤ ਸਿੰਘ ਦਾਤੇਵਾਲ, ਭਾਈ ਵਿਕਰਮਜੀਤ ਸਿੰਘ, ਕਵੀਸ਼ਰ ਭਾਈ ਦਇਆ ਸਿੰਘ, ਭਾਈ ਜਸਵੀਰ ਸਿੰਘ ਸ਼ੇਰਪੁਰੀ ਤੇ ਭਾਈ ਗੁਰਪ੍ਰੀਤ ਸਿੰਘ ਕੋਮਲ ਨੇ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ।

ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 47 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।



ਗੁਰਦੁਆਰਾ ਸਾਹਿਬ ਗੁਰੂ ਨਾਨਕ ਨਿਵਾਸ ਸਿੰਘ ਸਭਾ ਪਿੰਡ ਨਾਥਵਾਨਾ (ਸੰਗਰੀਆ) ਰਾਜਿਸਤਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਮੌਕੇ 38 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫਤਾਵਾਰੀ ਸਮਾਗਮ ਸਮੇਂ 262 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ



ਤਲਵੰਡੀ ਸਾਬੋ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਲਹਿਰ ਤਹਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਆਰੰਭ ਕੀਤੇ ਗਏ ਹਫਤਾਵਾਰੀ ਸਮਾਗਮ ਤਹਿਤ 109ਵਾਂ ਹਫਤਾਵਾਰੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਮਾਲਵਾ ਜੋਨ ਦੇ ਪ੍ਰਚਾਰਕ, ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਹਲਕੇ ਦੀਆਂ ਸੰਗਤਾਂ ਸਮੇਤ ਪਹੁੰਚੇ। ਸਮਾਗਮ ਸਮੇਂ ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਕਥਾ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਦਕਿ ਭਾਈ ਨਿਰਭੈ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਭਰੀ। ਇਸ ਮੌਕੇ ਪ੍ਰਚਾਰਕ ਭਾਈ ਜਗਤਾਰ ਸਿੰਘ ਜੌੜਕੀਆਂ, ਭਾਈ ਮੋਹਣ ਸਿੰਘ ਨਰਿੰਦਰਪੁਰਾ ਤੇ ਢਾਡੀ ਭਾਈ ਗੁਰਦੇਵ ਸਿੰਘ ਗੋਸਲ ਦੇ ਜਥੇ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਗੁਰਦੁਆਰਾ ਭਾਈ ਬੀਰ ਸਿੰਘ ਭਾਈ ਧੀਰ ਸਿੰਘ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿਚ 262 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਭਾਈ ਭੋਲਾ ਸਿੰਘ ਇੰਚਾਰਜ ਸਬ-ਆਫਿਸ ਤਲਵੰਡੀ ਸਾਬੋ, ਸ. ਪਰਮਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਜਸਪਾਲ ਸਿੰਘ ਭੱਟੀ, ਸ. ਮਨਿੰਦਰ ਸਿੰਘ, ਸ. ਭੁਫਿਮਦਰ ਸਿੰਘ, ਸ. ਹਰਬੰਸ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਸੂਦਾਂ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 37 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

# ਜੈਤੋ ਮੋਰਚੇ ਦੇ ਸ਼ਹੀਦਾਂ ਦੀ ਯਾਦ ਵਿਚ ਗੁਰਮਤਿ ਸਮਾਗਮ

## ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ ਸਖ਼ਸ਼ੀਅਤਾਂ ਨੇ ਕੀਤੀ ਸ਼ਿਰਕਤ



ਜੈਤੋ- ਜੈਤੋ ਮੋਰਚੇ ਦੀ ਸਲਾਨਾ ਯਾਦ ਵਿਚ ਇਤਿਹਾਸਕ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਜੈਤੋ ਮੋਰਚੇ ਦੇ ਸ਼ਹੀਦ ਸਿੰਘਾਂ-ਸਿੰਘਣੀਆਂ ਨੂੰ ਸ਼ਰਧਾ ਭੇਟ ਕਰਦਿਆਂ ਇਸ ਸਾਕੇ ਨੂੰ ਅੰਗਰੇਜ਼ ਰਾਜ ਦਾ ਕਾਲਾ ਅਧਿਆਇ ਦੱਸਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਜੈਤੋ ਦਾ ਮੋਰਚਾ ਸਿੱਖਾਂ ਦੀਆਂ ਕੁਰਬਾਨੀਆਂ ਦੀ ਉਦੁੱਤੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਅਹਿਮ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੈਤੋ ਮੋਰਚੇ ਦੀ ਆਉਣ ਵਾਲੀ 100ਵੀਂ ਵਰ੍ਹੇਗੰਢ ਨੂੰ ਸਿੱਖ ਕੌਮ ਭਾਰੀ ਉਤਸ਼ਾਹ ਨਾਲ ਮਨਾਏਗੀ ਅਤੇ ਜੈਤੋ ਨੂੰ ਆਉਣ ਵਾਲੇ ਰਸਤਿਆਂ ਤੇ ਸ਼ਹੀਦਾਂ ਦੀ ਯਾਦ ਵਿਚ ਚਾਰ ਯਾਦਗਾਰੀ ਗੇਟ ਬਣਾਏ ਜਾਣਗੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੈਤੋ ਮੋਰਚੇ ਦੇ ਸ਼ਹੀਦਾਂ ਦੇ ਪਰਿਵਾਰਾਂ ਦੇ ਪੁੱਜੇ ਮੈਂਬਰਾਂ ਨੂੰ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਤੋਂ ਪਹਿਲਾਂ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਬਾਬਾ ਜੀਵਾ ਸਿੰਘ ਕਥਾ ਵਾਚਕ ਸਮੇਤ ਰਾਗੀ, ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਮਨਤਾਰ ਸਿੰਘ ਬਰਾੜ, ਸ. ਸੂਬਾ ਸਿੰਘ ਬਾਦਲ, ਅੰਤ੍ਰਿੰਗ ਮੈਂਬਰ ਜਥੇਦਾਰ ਸ਼ੇਰ ਸਿੰਘ ਮੰਡਵਾਲਾ ਤੇ ਜਥੇਦਾਰ ਗੁਰਪਾਲ ਸਿੰਘ ਗੋਰਾ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਬੀਬੀ ਚਰਨਜੀਤ ਕੌਰ ਬਾਠ ਤੇ ਸ. ਯਾਦਵਿੰਦਰ ਸਿੰਘ ਜੈਲਦਾਰ ਨੇ ਸਾਂਜੇ ਤੌਰ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਸਨਮਾਨ ਕੀਤਾ। ਇਸ ਮੌਕੇ ਗੁਰਦੁਆਰਾ ਗੰਗਸਰ ਸਾਹਿਬ ਦੇ ਮੈਨੇਜਰ ਸ. ਕੁਲਵਿੰਦਰ ਸਿੰਘ, ਪ੍ਰਚਾਰਕ ਭਾਈ ਅਵਤਾਰ ਸਿੰਘ ਘਰਿਆਲਾ, ਸ. ਨਿਰਮਲ ਸਿੰਘ ਵੜਿੰਗ, ਸ. ਜਗਰੂਪ ਸਿੰਘ ਬਰਾੜ, ਸ. ਗੁਰਮੀਤ ਸਿੰਘ ਬਰਾੜ, ਸ. ਰਾਮਪਾਲ ਸਿੰਘ, ਸ. ਲਖਵਿੰਦਰ ਸਿੰਘ, ਸ. ਜਸਪਾਲ ਸਿੰਘ, ਮੈਨੇਜਰ ਭੋਲਾ ਸਿੰਘ, ਨਾਇਬ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ 19ਵੇਂ ਰਾਜ ਪੱਧਰੀ ਉਲੰਪੀਅਨ ਜਰਨੈਲ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ।